SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 224 | Friday, 6 December 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

MagGas Medical Brampton
MGM
MAGGAS MEDICAL INC.
Helping you breathe deep and rest easy.
CPAP ਮਸ਼ੀਨਾਂ, ਮਾਸਕ ਅਤੇ ਸਪਲਾਈ
ਮੁਫ਼ਤ ਸਲਾਹ
(647) 954-9885
20 Maritime Ont Blvd Unit 15
Brampton, ON L6S 0C2

## ਮਾਰਖਮ ਵਿਚ ਜਵੈਲਰੀ ਸਟੋਰ ਵਿੱਚ ਲੁੱਟ ਦੇ ਮਾਮਲੇ ਵਿੱਚ ਚਾਰ ਟੀਨੇਜ਼ਰਜ਼ ਸਮੇਤ ਛੇ 'ਤੇ ਲੱਗੇ ਚਾਰਜਿਜ਼

### ਪੁਲਿਸ ਨੂੰ ਛੇ ਹੋਰ ਮੁਲਜ਼ਮਾਂ ਦੀ ਭਾਲ

ਟੋਰਾਂਟੋ, 5 ਦਸੰਬਰ (ਪੋਸਟ ਬਿਊਰੋ): ਯਾਰਕ ਰੀਜਨਲ ਪੁਲਿਸ ਨੇ ਬੁੱਧਵਾਰ ਨੂੰ ਮਾਰਖਮ ਵਿੱਚ ਜਵੈਲਰੀ ਸਟੋਰ ਵਿੱਚ ਲੁੱਟ ਦੇ ਮਾਮਲੇ ਵਿੱਚ ਚਾਰ ਟੀਨੇਜ਼ਰਜ਼ ਲੜਕਿਆਂ ਅਤੇ ਦੋ ਪੁਰਸ਼ਾਂ 'ਤੇ ਚਾਰਜਿਜ਼ ਲਗਾਏ ਹਨ ਅਤੇ ਛੇ ਹੋਰ ਮੁਲਜ਼ਮਾਂ ਦੀ ਤਲਾਸ਼ ਭਾਲ ਜਾਰੀ ਹੈ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਮੈਕਕੋਵਨ ਰੋਡ ਅਤੇ ਹਾਈਵੇ 7 ਦੇ ਇਲਾਕੇ ਵਿੱਚ ਸੀਐੱਫ ਮਾਰਕਵਿਲੇ ਵਿੱਚ ਇੱਕ ਜਵੈਲਰੀ ਸਟੋਰ ਵਿੱਚ ਕੱਚ ਦੇ ਕੇਸ ਤੋੜਨ ਲਈ ਮੁਲਜ਼ਮਾਂ ਵੱਲੋਂ ਹਥੌੜਿਆਂ ਦੀ ਵਰਤੋਂ ਕਰਨ ਦੀ ਰਿਪੋਰਟ ਲਈ ਬੁਲਾਇਆ ਗਿਆ ਸੀ।

ਇੱਕ ਦੁਕਾਨਦਾਰ ਵੱਲੋਂ ਬਣਾਏ ਗਏ ਵੀਡੀਓ ਵਿੱਚ ਘੱਟ ਤੋਂ ਘੱਟ 10 ਲੋਕਾਂ ਨੂੰ ਹਿੰਸਕ ਤਰੀਕੇ ਨਾਲ ਸਟੋਰ ਦੀਆਂ ਖਿੜਕੀਆਂ ਦੇ ਸ਼ੀਸ਼ੇ ਅਤੇ ਦਰਵਾਜ਼ੇ ਨੂੰ ਹਥੌੜਿਆਂ ਨਾਲ ਤੋੜਦੇ ਅਤੇ ਸਾਮਾਨ ਲੁੱਟਦੇ ਵੇਖਿਆ ਜਾ ਸਕਦਾ ਹੈ।



ਮੁਲਜ਼ਮ ਇੱਕ ਸਫੇਦ ਹੋਂਡਾ ਸਿਵਿਕ ਜੋ 10 ਨਵੰਬਰ ਨੂੰ ਟੋਰਾਂਟੋ ਵਿੱਚ ਚੋਰ ਕੀਤੀ ਗਈ ਸੀ ਅਤੇ ਇੱਕ ਬੇਜ ਐੱਸਯੂਵੀ ਵਿੱਚ ਫਰਾਰ ਹੋ ਗਏ। ਸਿਵਿਕ ਦੀ ਬਾਅਦ ਵਿੱਚ ਮਾਲ ਦੇ ਬਾਹਰ ਚੁਰਾਸਤੇ 'ਤੇ ਪਿੱਛੇ ਤੋਂ ਟੱਕਰ ਹੋ ਗਈ।

ਪੁਲਿਸ ਕੁੱਝ ਹੀ ਦੇਰ ਬਾਅਦ ਪਹੁੰਚੀ ਅਤੇ ਮੁਲਜ਼ਮਾਂ ਨੂੰ ਭੱਜਦੇ ਹੋਏ ਵੇਖਿਆ। ਇਸ ਦੌਰਾਨ ਚਾਰ ਮੁਲਜ਼ਮਾਂ ਨੂੰ ਤੁਰੰਤ ਫੜ੍ਹ ਲਿਆ ਗਿਆ, ਜਦੋਂ ਕਿ ਦੋ ਇੱਕ ਰੈਸਟੋਰੈਂਟ ਦੇ ਵਾਸ਼ਰੂਮ ਵਿੱਚ ਲੁਕੇ ਮਿਲੇ।

ਵੀਰਵਾਰ ਨੂੰ ਪੁਲਿਸ ਨੇ ਦੋ ਬਾਲਗ ਮੁਲਜ਼ਮਾਂ ਦੀ ਪਹਿਚਾਣ ਟੋਰਾਂਟੋ ਦੇ ਟਰੇਵੋਨ ਬਾਲ-ਬਾਰੰਸ ਅਤੇ ਮਿਸੀਸਾਗਾ ਦੇ ਰੇਮਾਰੀਓ ਮਰਡਾਕ ਦੇ ਰੂਪ ਵਿੱਚ ਕੀਤੀ, ਦੋਨਾਂ ਦੀ ਉਮਰ 19 ਸਾਲ ਹੈ। ਚਾਰ ਟੀਨੇਜ਼ਰਜ਼ ਦੀ ਉਮਰ 17, 16 ਅਤੇ 15 ਸਾਲ ਹੈ, ਜਿਨ੍ਹਾਂ ਦੀ ਯੁਵਾ ਆਪਰਾਧਿਕ ਨਿਆਂ ਐਕਟ ਤਹਿਤ ਪਹਿਚਾਣ ਨਹੀਂ ਦੱਸੀ ਜਾ ਸਕਦੀ।

ਹਿਰਾਸਤ ਵਿੱਚ ਲਏ ਗਏ ਛੇ ਮੁਲਜ਼ਮਾਂ ਤੋਂ ਇਲਾਵਾ, ਜਾਂਚਕਰਤਾ ਛੇ ਹੋਰ ਮੁਲਜ਼ਮਾਂ ਦੀ ਭਾਲ ਕਰ ਰਹੇ ਹਨ। ਪੁਲਿਸ ਨੇ ਕਿਹਾ ਕਿ ਉਨ੍ਹਾਂ ਵਿਚੋਂ ਚਾਰ ਸਿੱਧੇ ਤੌਰ 'ਤੇ ਲੁੱਟ ਵਿੱਚ ਸ਼ਾਮਿਲ ਸਨ ਅਤੇ ਦੋ ਭੱਜਣ ਵਾਲੇ ਡਰਾਈਵਰ ਦੇ ਰੂਪ ਵਿੱਚ ਕੰਮ ਕਰ ਰਹੇ ਸਨ।

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

## ਵਿਦੇਸ਼ੀ ਦਖਲਅੰਦਾਜ਼ੀ ਨੇ ਟੋਰੀ ਲੀਡਰਸ਼ਿਪ ਰੇਸ ਦੇ ਨਤੀਜਿਆਂ ਨੂੰ ਪ੍ਰਭਾਵਤ ਨਹੀਂ ਕੀਤਾ : ਪੈਟਰਿਕ ਬ੍ਰਾਊਨ

ਓਟਵਾ, 5 ਦਸੰਬਰ (ਪੋਸਟ ਬਿਊਰੋ): ਬਰੈਂਪਟਨ ਦੇ ਮੇਅਰ ਪੈਟ੍ਰਿਕ ਬ੍ਰਾਊਨ ਨੇ ਕਿਹਾ ਹੈ ਕਿ ਕੰਜ਼ਰਵੇਟਿਵ ਪਾਰਟੀ ਦੀ ਪਿਛਲੀ ਲੀਡਰਸ਼ਿਪ ਰੇਸ ਵਿੱਚ ਵਿਦੇਸ਼ੀ ਦਖਲਅੰਦਾਜ਼ੀ ਨੇ ਕੋਈ ਮਾੜਾ ਪ੍ਰਭਾਵ ਨਹੀਂ ਪਾਇਆ ਜਿਸਨੇ ਪਿਅਰੇ ਪੋਲੀਵਰ ਨੂੰ ਪ੍ਰਧਾਨ ਬਣਾਇਆ ਸੀ।

ਬ੍ਰਾਊਨ, ਜੋ ਉਸ ਸਮੇਂ ਲੀਡਰਸ਼ਿਪ ਲਈ ਉਮੀਦਵਾਰ ਸਨ, ਨੂੰ 2022 ਦੀ ਦੌੜ 'ਤੇ ਸਵਾਲਾਂ ਦੇ ਜਵਾਬ ਦੇਣ ਲਈ ਹਾਊਸ ਆਫ਼ ਕਾਮਨਜ਼ ਕਮੇਟੀ ਵਿੱਚ ਬੁਲਾਇਆ ਗਿਆ ਸੀ ਕਿਉਂਕਿ ਰਾਸ਼ਟਰੀ ਸੁਰੱਖਿਆ ਬਾਰੇ ਇੱਕ ਕਮੇਟੀ ਦੀ ਰਿਪੋਰਟ ਵਿੱਚ ਇੱਕ ਅਣ-ਨਿਰਧਾਰਤ ਕੰਜ਼ਰਵੇਟਿਵ ਲੀਡਰਸ਼ਿਪ ਮੁਹਿੰਮ ਵਿੱਚ ਭਾਰਤੀ ਦਖਲਅੰਦਾਜ਼ੀ ਦਾ ਹਵਾਲਾ ਦਿੱਤਾ ਗਿਆ ਸੀ।



ਬ੍ਰਾਊਨ ਨੇ ਵੀਰਵਾਰ ਨੂੰ ਹਾਊਸ ਆਫ ਕਾਮਨਜ਼ ਦੀ ਕਮੇਟੀ ਨੂੰ ਦੱਸਿਆ ਕਿ ਮੈਨੂੰ ਨਹੀਂ ਲੱਗਦਾ ਕਿ ਵਿਦੇਸ਼ੀ ਦਖਲਅੰਦਾਜ਼ੀ ਨੇ ਕੰਜ਼ਰਵੇਟਿਵ ਲੀਡਰਸ਼ਿਪ ਰੇਸ ਦੇ ਅੰਤਿਮ ਨਤੀਜੇ ਨੂੰ ਪ੍ਰਭਾਵਿਤ ਕੀਤਾ ਹੈ।

ਬ੍ਰਾਊਨ ਨੇ ਕਿਹਾ ਕਿ ਉਹ ਮੰਨਦੇ ਹਨ ਕਿ ਵਿਦੇਸ਼ੀ ਦਖਲਅੰਦਾਜ਼ੀ ਤੋਂ ਬਚਣਾ ਮਹੱਤਵਪੂਰਨ ਹੈ ਪਰ ਉਹ ਪਾਰਲੀਮੈਂਟ ਹਿੱਲ 'ਤੇ ਪੱਖਪਾਤੀ ਬਹਿਸਾਂ ਵਿੱਚ ਨਹੀਂ ਫਸਣਾ ਚਾਹੁੰਦੇ।

ਸੋਮਵਾਰ ਨੂੰ, ਬ੍ਰਾਊਨ ਨੇ ਸੋਸ਼ਲ ਮੀਡੀਆ 'ਤੇ ਕਮੇਟੀ ਦੇ ਸੰਮਨਾਂ ਬਾਰੇ ਇਹ ਕਹਿਣ ਲਈ ਪੋਸਟ ਕੀਤਾ ਕਿ ਉਨ੍ਹਾਂ ਕੋਲ ਕੋਈ ਨਵਾਂ ਸਬੂਤ ਨਹੀਂ ਹੈ ਕਿ ਵਿਦੇਸ਼ੀ ਦਖਲਅੰਦਾਜ਼ੀ ਬਾਰੇ ਜਨਤਕ ਜਾਂਚ ਦੋਸ਼ਾਂ ਦਾ ਮੁਲਾਂਕਣ ਕਰਨ ਲਈ ਉਚਿਤ ਸਥਾਨ ਸੀ।

ਉਨ੍ਹਾਂ ਨੇ ਵੀਰਵਾਰ ਨੂੰ ਕਿਹਾ ਕਿ ਭਾਰਤ ਸਰਕਾਰ ਦਾ ਕੋਈ ਵੀ ਮੈਂਬਰ ਉਨ੍ਹਾਂ ਦੀ ਲੀਡਰਸ਼ਿਪ ਦੀ ਬੋਲੀ ਦੌਰਾਨ ਉਨ੍ਹਾਂ ਜਾਂ ਉਨ੍ਹਾਂ ਦੀ ਮੁਹਿੰਮ ਵਰਕਰਾਂ ਤੱਕ ਨਹੀਂ ਪਹੁੰਚਿਆ।

ਜ਼ਿਕਰਯੋਗ ਹੈ ਕਿ ਬਰਾਊਨ ਨੂੰ ਕੈਨੇਡਾ ਇਲੈਕਸ਼ਨਜ਼ ਐਕਟ ਵਿੱਚ ਵਿੱਤੀ ਨਿਯਮਾਂ ਨਾਲ ਸਬੰਧਤ ਦੋਸ਼ਾਂ ਕਾਰਨ ਪਾਰਟੀ ਦੀ 2022 ਦੀ ਲੀਡਰਸ਼ਿਪ ਰੇਸ ਤੋਂ ਅਯੋਗ ਕਰਾਰ ਦਿੱਤਾ ਗਿਆ ਸੀ।

## ਕੈਨੇਡਾ ਨੇ ਪਾਬੰਦੀਸ਼ੁਦਾ ਫਾਇਰਆਰਮਜ਼ ਦੀ ਸੂਚੀ 'ਚ ਸੈਂਕੜੇ ਨਵੇਂ ਮਾਡਲ ਅਤੇ ਵੇਰੀਏਂਟ ਕੀਤੇ ਸ਼ਾਮਿਲ

ਓਟਵਾ, 5 ਦਸੰਬਰ (ਪੋਸਟ ਬਿਊਰੋ): ਕੈਨੇਡਾ ਸਰਕਾਰ ਪਾਬੰਦੀਸ਼ੁਦਾ ਫਾਇਰਆਰਮਜ਼ ਦੀ ਆਪਣੀ ਸੂਚੀ ਵਿੱਚ ਕਈ ਵਾਧੂ ਮੇਕ, ਮਾਡਲ ਅਤੇ ਉਨ੍ਹਾਂ ਦੇ ਵੇਰੀਏਂਟ ਜੋੜ ਰਹੀ ਹੈ, ਜੋ ਤੁਰੰਤ ਪ੍ਰਭਾਵ ਨਾਲ ਲਾਗੂ ਹੋਣਗੇ। ਇਨ੍ਹਾਂ ਨਵੇਂ ਪਾਬੰਦੀਸ਼ੁਦਾ ਫਾਇਰਆਰਮਜ਼ ਦੇ ਨਿਯਮਕ ਮਾਲਿਕਾਂ ਨੂੰ ਸਖ਼ਤ ਸ਼ਰਤਾਂ ਨਾਲ ਆਪਰਾਧਿਕ ਜਵਾਬਦੇਹੀ ਤੋਂ ਛੋਟ ਦਿੱਤੀ ਜਾਵੇਗੀ, ਜਦੋਂਕਿ ਉਹ ਲਾਗੂ ਹੋਣ ਵਾਲੇ ਬਾਇਬੈਕ ਪ੍ਰੋਗਰਾਮ ਦੇ ਮਾਧਿਅਮ ਨਾਲ ਆਪਣੇ ਫਾਇਰਆਰਮਜ਼ ਦਾ ਨਿਪਟਾਰਾ ਕਰਨ ਤੋਂ ਪਹਿਲਾਂ ਅਨੁਪਾਲਣ ਲਈ ਜ਼ਰੂਰੀ ਕਦਮ ਉਠਾਉਣਗੇ।

ਪਬਲਿਕ ਸੇਫਟੀ ਮੰਤਰੀ ਡੋਮਿਨਿਕ ਲੇਬਲਾਂਕ ਨੇ ਵੀਰਵਾਰ ਨੂੰ ਓਟਵਾ ਵਿੱਚ Public Services and Procurement Minister ਜੀਨ-ਯਵੇਸ ਡੁਕਲੋਸ ਅਤੇ ਰੱਖਿਆ ਮੰਤਰੀ ਬਿਲ ਬਲੇਅਰ ਨਾਲ ਮਿਲਕੇ ਇਹ ਐਲਾਨ ਕੀਤਾ। ਲੇਬਲਾਂਕ ਨੇ ਕਿਹਾ ਕਿ ਗੋਲੀਬਾਰੀ ਵਿੱਚ ਜਾਨਾਂ ਗੁਆ ਚੁੱਕੇ ਲੋਕਾਂ ਦੀ ਯਾਦ ਵਿਚ ਸਨਮਾਨ ਲਈ ਅਸੀਂ ਜੋ ਚੰਗਾ ਕਰ ਸਕਦੇ ਹਾਂ, ਉਹ ਹੈ ਗੰਨ ਕੰਟਰੋਲ 'ਤੇ ਕਾਰਵਾਈ ਕਰਨਾ ਅਤੇ ਇਸ ਭਿਆਨਕ ਅਪਰਾਧਾਂ ਨੂੰ ਅੰਜਾਮ ਦੇਣ ਲਈ ਇਸਤੇਮਾਲ ਕੀਤੇ ਗਏ ਹਥਿਆਰਾਂ ਤੱਕ ਪਹੁੰਚ 'ਤੇ ਪਾਬੰਦੀ ਲਾਉਣਾ ਹੈ। ਸਾਡਾ ਟੀਚਾ ਇਹ ਯਕੀਨੀ ਕਰਨਾ ਹੈ ਕਿ ਕੈਨੇਡਾ ਵਿੱਚ ਦੁਬਾਰਾ ਗੋਲੀਬਾਰੀ ਨਾਲ ਕੋਈ ਕਿਸੇ ਭਾਈਚਾਰੇ, ਕਿਸੇ ਪਰਿਵਾਰ ਦਾ ਨੁਕਸਾਨ ਨਾ ਜੋ ਸਕੇ। ਪਾਬੰਦੀਸ਼ੁਦਾ ਫਾਇਰਆਰਮਜ਼ ਨੂੰ ਖਰੀਦਿਆ, ਵੇਚਿਆ, ਨਿਰਯਾਤ ਨਹੀਂ ਕੀਤਾ ਜਾ ਸਕਦਾ।



ਸਰਕਾਰੀ ਅਧਿਕਾਰੀਆਂ ਨੇ ਜਾਣਕਾਰੀ ਦਿੱਤੀ ਕਿ ਅੱਜ ਦੇ ਐਲਾਨ ਵਿੱਚ ਵਿਸ਼ੇਸ਼ ਰੂਪ ਤੋਂ ਹਮਲਾਵਰ ਸ਼ੈਲੀ ਦੇ ਫਾਇਰਆਰਮਜ਼ ਦੇ 104 ਸ਼੍ਰੇਣੀਆਂ, ਜਿਨ੍ਹਾਂ ਵਿੱਚ 324 unique makes ਅਤੇ ਮਾਡਲ ਅਤੇ ਉਨ੍ਹਾਂ ਦੇ ਵੇਰੀਏਂਟ ਸ਼ਾਮਿਲ ਹਨ ਦੀ ਸ਼੍ਰੇਣੀ ਨੂੰ ਸੋਧਿਆ ਗਿਆ ਹੈ।

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਨਵਾਂ ਘਾਹ ਲਵਾਉ | 647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ



# ਅਮਰੀਕੀ ਬੀਮਾ ਕੰਪਨੀ ਦੇ ਸੀਈਓ ਦਾ ਗੋਲੀ ਮਾਰ ਕੇ ਕਤਲ, ਨਿਊਯਾਰਕ ਵਿੱਚ ਹੋਟਲ ਦੇ ਬਾਹਰ ਮਾਰੀ ਗੋਲੀ



ਨਿਊਯਾਰਕ, 5 ਦਸੰਬਰ (ਪੋਸਟ ਬਿਊਰੋ): ਅਮਰੀਕੀ ਕੰਪਨੀ ਯੂਨਾਈਟਿਡ ਹੈਲਥਕੇਅਰ ਦੀ ਬੀਮਾ ਯੂਨਿਟ ਦੇ ਸੀਈਓ ਬ੍ਰਾਇਨ ਥਾਮਸਨ ਦੀ ਬੁੱਧਵਾਰ ਸਵੇਰੇ ਨਿਊਯਾਰਕ ਵਿੱਚ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਥਾਮਸਨ ਨੂੰ ਨਿਊਯਾਰਕ ਦੇ ਹਿਲਟਨ ਹੋਟਲ ਦੇ ਸਾਹਮਣੇ ਇੱਕ ਹਮਲਾਵਰ ਨੇ ਗੋਲੀ ਮਾਰ ਦਿੱਤੀ। ਜਾਣਕਾਰੀ ਅਨੁਸਾਰ ਥਾਮਸਨ ਦੀ ਛਾਤੀ 'ਚ ਗੋਲੀ ਲੱਗੀ ਹੈ।

ਥਾਮਸਨ ਬੁੱਧਵਾਰ ਨੂੰ ਕੰਪਨੀ ਦੇ ਇੰਵੇਸਟਰ ਡੇਅ ਕਾਨਫਰੰਸ 'ਚ ਹਿੱਸਾ ਲੈਣ ਲਈ ਹੋਟਲ ਪਹੁੰਚੇ ਸਨ। ਕੰਪਨੀ ਨੇ ਕਿਹਾ ਕਿ ਉਨ੍ਹਾਂ ਦੇ ਇੱਕ ਕਰਮਚਾਰੀ ਦੀ ਮੈਡੀਕਲ ਸਥਿਤੀ ਕਾਰਨ ਕਾਨਫਰੰਸ ਸਮੇਂ ਤੋਂ ਪਹਿਲਾਂ ਖਤਮ ਹੋ ਗਈ।

ਨਿਊਯਾਰਕ ਪੋਸਟ ਦੀ ਖਬਰ ਮੁਤਾਬਕ ਥਾਮਸਨ 'ਤੇ ਇੱਕ ਨਕਾਬਪੋਸ਼ ਵਿਅਕਤੀ ਨੇ ਗੋਲੀਆਂ ਚਲਾ ਦਿੱਤੀਆਂ। ਗੋਲੀਬਾਰੀ ਤੋਂ ਬਾਅਦ ਥਾਮਸਨ ਨੂੰ ਮਾਊਂਟ ਸਿਨਾਈ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਨਿਊਯਾਰਕ ਪੋਸਟ ਨੇ ਗਵਾਹਾਂ ਦੇ ਹਵਾਲੇ ਨਾਲ ਕਿਹਾ ਕਿ ਹਮਲਾਵਰ ਕਾਫੀ ਸਮੇਂ ਤੋਂ ਘਟਨਾ ਵਾਲੀ ਥਾਂ 'ਤੇ ਘੁੰਮ ਰਿਹਾ ਸੀ। ਜਿਵੇਂ ਹੀ ਥਾਮਸਨ ਹੋਟਲ ਦੇ ਬਾਹਰ ਪਹੁੰਚਿਆ, ਉਸਨੇ ਗੋਲੀਬਾਰੀ ਸ਼ੁਰੂ ਕਰ ਦਿੱਤੀ। ਗੋਲੀ ਚਲਾਉਣ ਤੋਂ ਬਾਅਦ ਹਮਲਾਵਰ ਮੌਕੇ ਤੋਂ ਫਰਾਰ ਹੋ ਗਿਆ। ਫਿਲਹਾਲ ਪੁਲਿਸ ਹਮਲਾਵਰ ਦੀ ਭਾਲ ਕਰ ਰਹੀ ਹੈ।

ਪੁਲਿਸ ਨੇ ਇਸ ਮਾਮਲੇ ਵਿੱਚ ਹਾਲੇ ਤੱਕ ਕੋਈ ਗ੍ਰਿਫ਼ਤਾਰੀ ਨਹੀਂ ਕੀਤੀ ਹੈ। ਪੁਲਿਸ ਨੇ ਦੱਸਿਆ ਕਿ ਹਮਲਾਵਰ ਗੋਰਾ ਸੀ। ਉਸਨੇ ਕਰੀਮ ਰੰਗ ਦੀ ਜੈਕੇਟ, ਕਾਲੇ ਚਿਹਰੇ ਦਾ ਮਾਸਕ ਅਤੇ ਕਾਲੇ ਅਤੇ ਚਿੱਟੇ ਸਨੀਕਰ ਪਹਿਨੇ ਹੋਏ ਸਨ।

ਹਮਲੇ ਵਿੱਚ ਮਾਰਿਆ ਗਿਆ ਬ੍ਰਾਇਨ ਥਾਮਸਨ ਪਿਛਲੇ 20 ਸਾਲਾਂ ਤੋਂ ਯੂਨਾਈਟਿਡ ਹੈਲਥ ਵਿੱਚ ਕੰਮ ਕਰ ਰਿਹਾ ਸੀ। ਉਨ੍ਹਾਂ ਨੂੰ 2021 ਵਿੱਚ ਕੰਪਨੀ ਦਾ ਸੀਈਓ ਬਣਾਇਆ ਗਿਆ ਸੀ।

# ਫਰਾਂਸ ਦੇ ਪ੍ਰਧਾਨ ਮੰਤਰੀ ਬਾਰਨੀਅਰ ਦੀ ਸਰਕਾਰ 3 ਮਹੀਨਿਆਂ 'ਚ ਡਿੱਗੀ, ਰਾਸ਼ਟਰਪਤੀ ਮੈਕਰੋਂ ਨੂੰ ਸੌਂਪਣਗੇ ਅਸਤੀਫਾ

ਪੈਰਿਸ, 5 ਦਸੰਬਰ (ਪੋਸਟ ਬਿਊਰੋ): ਫਰਾਂਸ ਵਿੱਚ 3 ਮਹੀਨੇ ਪਹਿਲਾਂ ਬਣੀ ਪ੍ਰਧਾਨ ਮੰਤਰੀ ਮਿਸ਼ੇਲ ਬਾਰਨੀਅਰ ਦੀ ਸਰਕਾਰ ਬੁੱਧਵਾਰ ਨੂੰ ਡਿੱਗ ਗਈ। ਫਰਾਂਸ ਦੀ ਸੰਸਦ 'ਚ ਪ੍ਰਧਾਨ ਮੰਤਰੀ ਬਾਰਨੀਅਰ ਦੀ ਸਰਕਾਰ ਖਿਲਾਫ ਬੇਭਰੋਸਗੀ ਮਤਾ ਪਾਸ ਹੋ ਗਿਆ ਹੈ। ਹੁਣ ਉਨ੍ਹਾਂ ਨੂੰ ਆਪਣੀ ਪੂਰੀ ਕੈਬਨਿਟ ਸਮੇਤ ਰਾਸ਼ਟਰਪਤੀ ਮੈਕਰੋਂ ਨੂੰ ਆਪਣਾ ਅਸਤੀਫਾ ਸੌਂਪਣਾ ਹੋਵੇਗਾ।

ਫਰਾਂਸ ਦੇ 62 ਸਾਲਾਂ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੈ ਕਿ ਸੰਸਦ ਵਿੱਚ ਬੇਭਰੋਸਗੀ ਮਤਾ ਪਾਸ ਹੋਣ ਕਾਰਨ ਕੋਈ ਪ੍ਰਧਾਨ ਮੰਤਰੀ ਸੱਤਾ ਗੁਆ ਰਿਹਾ ਹੈ।



ਸੰਸਦ ਵਿੱਚ ਖੱਬੇ ਪੱਖੀ ਐੱਨਐੱਫਪੀ ਗਠਜੋੜ ਵੱਲੋਂ ਪੇਸ਼ ਕੀਤੇ ਗਏ ਬੇਭਰੋਸਗੀ ਮਤੇ ਦੇ ਹੱਕ ਵਿੱਚ 331 ਵੋਟਾਂ ਪਈਆਂ, ਜਦੋਂਕਿ ਮਤੇ ਨੂੰ ਪਾਸ ਕਰਨ ਲਈ ਸਿਰਫ਼ 288 ਵੋਟਾਂ ਹੀ ਕਾਫੀ ਸਨ।

ਕੰਜ਼ਰਵੇਟਿਵ ਨੇਤਾ ਬਾਰਨੀਅਰ, ਜਿਨ੍ਹਾਂ ਨੂੰ ਸਿਰਫ 3 ਮਹੀਨੇ ਪਹਿਲਾਂ ਨਿਯੁਕਤ ਕੀਤਾ ਗਿਆ ਸੀ, ਵੀਰਵਾਰ ਨੂੰ ਅਸਤੀਫਾ ਦੇ ਸਕਦੇ ਹਨ। ਉਨ੍ਹਾਂ ਨੂੰ ਫਰਾਂਸ ਦੇ ਇਤਿਹਾਸ ਵਿੱਚ ਸਭ ਤੋਂ ਘੱਟ ਸਮੇਂ ਲਈ ਸਰਕਾਰ ਚਲਾਉਣ ਵਾਲਾ ਪ੍ਰਧਾਨ ਮੰਤਰੀ ਮੰਨਿਆ ਜਾਵੇਗਾ।

ਬਾਰਨੀਅਰ ਨੇ ਅਵਿਸ਼ਵਾਸ ਪ੍ਰਸਤਾਵ ਤੋਂ ਪਹਿਲਾਂ ਆਪਣੇ ਆਖਰੀ ਭਾਸ਼ਣ ਵਿੱਚ ਕਿਹਾ ਸੀ ਕਿ ਫਰਾਂਸ ਅਤੇ ਫਰਾਂਸ ਦੇ ਲੋਕਾਂ ਦੀ ਸੇਵਾ ਕਰਨਾ ਮੇਰੇ ਲਈ ਸਨਮਾਨ ਦੀ ਗੱਲ ਹੈ।

# 4 ਸਾਲਾ ਬੱਚੀ ਨੂੰ ਸਕੂਲ ਗੇਟ ਤੋਂ ਬਾਹਰ ਕੱਢਣ ਦਾ ਮਾਮਲਾ: ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਵੱਲੋਂ ਹੋਵੇਗੀ ਸਖ਼ਤ ਕਾਰਵਾਈ : ਚੇਅਰਮੈਨ ਕੰਵਰਦੀਪ ਸਿੰਘ

**ਬਾਲ ਰੱਖਿਆ ਕਮਿਸ਼ਨ ਵੱਲੋਂ ਦਿੱਲੀ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸੀਪਲ ਨੂੰ ਅਧਿਆਪਕਾਂ ਸਮੇਤ ਕੀਤਾ ਤਲਬ**

ਚੰਡੀਗੜ੍ਹ, 5 ਦਸੰਬਰ (ਪੋਸਟ ਬਿਊਰੋ): ਵੱਖ-ਵੱਖ ਨਿਊਜ਼ ਚੈਨਲਾਂ ਅਤੇ ਸ਼ੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਵਾਇਰਲ ਹੋ ਰਹੀ ਖਬਰ, ਜਿਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਦਿੱਲੀ ਇੰਟਰਨੈਸ਼ਨਲ ਸਕੂਲ ਮਾਹਿਲਪੁਰ ਦੇ ਗੇਟ ਤੋਂ 4 ਸਾਲਾ ਬੱਚੀ ਨੂੰ ਬਾਹਰ ਕੱਢਿਆ ਗਿਆ, ਨੂੰ ਧਿਆਨ ਵਿੱਚ ਰੱਖਦਿਆਂ, ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਦੇ ਚੇਅਰਮੈਨ ਕੰਵਰਦੀਪ ਸਿੰਘ ਵੱਲੋਂ ਇਸ ਮਾਮਲੇ 'ਤੇ ਸੂ-ਮੋਟੋ ਨੋਟਿਸ ਲਿਆ ਗਿਆ ਹੈ।

ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਦੇ ਚੇਅਰਮੈਨ ਸ੍ਰੀ ਕੰਵਰਦੀਪ ਸਿੰਘ ਨੇ ਦੱਸਿਆ ਕਿ ਕਮਿਸ਼ਨ "ਦਾ ਕਮਿਸ਼ਨਜ਼ ਫਾਰ ਦ ਪ੍ਰੋਟੈਕਸ਼ਨ ਆਫ ਚਾਈਲਡ ਰਾਈਟਜ਼ ਐਕਟ, 2005" ਦੀ ਧਾਰਾ 17 ਦੇ ਤਹਿਤ ਵਿਧਾਨਕ ਸੰਸਥਾ ਹੈ, ਜਿਸ ਅਨੁਸਾਰ ਇਹ ਕਮਿਸ਼ਨ ਬਾਲ ਅਧਿਕਾਰਾਂ ਦੀ ਰੱਖਿਆ ਦੇ ਹੱਕ ਵਿੱਚ ਕੰਮ ਕਰਦੀ ਹੈ। ਕਮਿਸ਼ਨ ਨੂੰ ਜੇ.ਜੇ ਐਕਟ 2015, ਪੋਕਸੋ ਐਕਟ 2012 ਅਤੇ ਆਰ.ਟੀ.ਈ. ਐਕਟ 2009 ਦੇ ਤਹਿਤ ਨਿਗਰਾਨੀ ਕਰਨ ਦਾ ਅਧਿਕਾਰ ਹੈ। ਕਮਿਸ਼ਨ ਪਾਸ ਇਸ ਐਕਟ ਦੀ ਧਾਰਾ 14 ਅਤੇ ਸਿਵਲ ਪ੍ਰੋਸੀਜ਼ਰ ਕੋਡ 1908 ਦੇ ਤਹਿਤ ਕੇਸ ਦੀ ਸੁਣਵਾਈ ਲਈ ਸਿਵਲ ਕੋਰਟ ਦੀਆਂ ਸ਼ਕਤੀਆਂ ਹਨ।

ਇਸ ਖਾਸ ਮਾਮਲੇ ਵਿੱਚ, ਕਮਿਸ਼ਨ ਨੇ ਦਿੱਲੀ ਇੰਟਰਨੈਸ਼ਨਲ ਸਕੂਲ ਮਾਹਿਲਪੁਰ ਦੇ ਪ੍ਰਿੰਸੀਪਲ ਅਤੇ ਸੰਬੰਧਤ ਸਟਾਫ ਨੂੰ 12 ਦਸੰਬਰ 2024, ਸਵੇਰੇ 11:00 ਵਜੇ ਕਮਿਸ਼ਨ ਦੇ ਦਫ਼ਤਰ ਵਿੱਚ ਹਾਜ਼ਰ ਹੋਣ ਲਈ ਆਦੇਸ਼ ਜਾਰੀ ਕੀਤਾ ਹੈ। ਉਨ੍ਹਾਂ ਨੂੰ ਮਾਮਲੇ ਦੇ ਤੱਥ ਅਤੇ ਪੂਰੀ ਰਿਪੋਰਟ ਪੇਸ਼ ਕਰਨ ਦੀ ਹਦਾਇਤ ਕੀਤੀ ਗਈ ਹੈ। ਕਮਿਸ਼ਨ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਬੱਚੇ ਦੇ ਹੱਕਾਂ ਦੀ ਉਲੰਘਣਾ ਦੀ ਜਾਂਚ ਕਰੇਗਾ।

# ਮੁੱਖ ਮੰਤਰੀ ਵੱਲੋਂ ਲੋਕਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ ਦਾ ਸੱਦਾ



ਚੰਡੀਗੜ੍ਹ, 5 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਸਿੱਖਾਂ ਦੇ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਵੱਲੋਂ ਧਰਮ ਨਿਰਪੱਖ, ਮਾਨਵਤਾਵਾਦੀ ਅਤੇ ਕੁਰਬਾਨੀ ਦੀ ਭਾਵਨਾ ਦੇ ਦਿਖਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। ਗੁਰੂ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ 'ਤੇ ਇਕ ਸੰਦੇਸ਼ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਧਰਮ ਦੀ ਆਜ਼ਾਦੀ ਦੇ ਨਾਲ-ਨਾਲ ਧਰਮ ਨਿਰਪੱਖਤਾ ਅਤੇ ਮਨੁੱਖੀ ਕਦਰਾਂ-ਕੀਮਤਾਂ ਦੀ ਖਾਤਰ ਆਪਣਾ ਬਲਿਦਾਨ ਦੇ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਜੀ ਦੀ ਮਹਾਨ ਕੁਰਬਾਨੀ ਮਾਨਵਤਾ ਦੇ ਇਤਿਹਾਸ ਵਿੱਚ ਅਦੁੱਤੀ ਅਤੇ ਬੇਮਿਸਾਲ ਹੈ ਜੋ ਦਮਨ ਅਤੇ ਜ਼ੁਲਮ ਦੇ ਵਿਰੁੱਧ ਲੜਾਈ ਦਾ ਪ੍ਰਤੀਕ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਿੱਖਾਂ ਦੇ ਨੌਵੇਂ ਗੁਰੂ ਨੇ ਦੇਸ਼ ਵਿੱਚ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ।

ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਪਾਵਨ ਬਾਣੀ ਏਕਤਾ, ਸਰਬ ਸਾਂਝੀਵਾਲਤਾ, ਬਹਾਦਰੀ, ਹੱਕ-ਸੱਚ ਲਈ ਆਵਾਜ਼ ਉਠਾਉਣ ਅਤੇ ਦਇਆ ਦਾ ਸੰਦੇਸ਼ ਦਿੰਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਹਾਨ ਗੁਰੂ ਨੂੰ ਸਾਡੀ ਅਸਲ ਸ਼ਰਧਾਂਜਲੀ ਇਹ ਹੋਵੇਗੀ ਕਿ ਅਸੀਂ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਸੱਚੀ ਭਾਵਨਾ ਨਾਲ ਚੱਲੀਏ ਅਤੇ ਜਾਤ-ਪਾਤ, ਰੰਗ, ਨਸਲ ਦੇ ਭੇਦਭਾਵ ਤੋਂ ਉਪਰ ਉਠ ਕੇ ਸਮਰਪਣ ਅਤੇ ਮਿਸ਼ਨਰੀ ਭਾਵਨਾ ਨਾਲ ਸਮਾਜ ਖਾਸ ਕਰਕੇ ਗਰੀਬ ਅਤੇ ਦੱਬੇ-ਕੁਚਲੇ ਲੋਕਾਂ ਦੀ ਸੇਵਾ ਲਈ ਆਪਣੇ ਆਪ ਨੂੰ ਮੁੜ ਸਮਰਪਿਤ ਕਰੀਏ।

ਮੁੱਖ ਮੰਤਰੀ ਨੇ ਲੋਕਾਂ ਨੂੰ ਇਸ ਪਵਿੱਤਰ ਮੌਕੇ ਨੂੰ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਮਜ਼ਬੂਤ ਕਰਨ ਲਈ ਸਦਭਾਵਨਾ ਅਤੇ ਸਮਾਜਿਕ ਏਕਤਾ ਦੀ ਭਾਵਨਾ ਨਾਲ ਮਨਾਉਣ ਦੀ ਅਪੀਲ ਕੀਤੀ।

# ਮੁੱਖ ਮੰਤਰੀ ਵੱਲੋਂ ਹੁਸੈਨੀਵਾਲਾ ਬਾਰਡਰ ਨੂੰ ਅਤਿ ਆਧੁਨਿਕ ਸੈਰ ਸਪਾਟਾ ਸਥਾਨ ਵਜੋਂ ਵਿਕਸਤ ਕਰਨ ਦਾ ਐਲਾਨ

## ਹੁਸੈਨੀਵਾਲਾ ਬਾਰਡਰ 'ਤੇ ਰੀਟਰੀਟ ਸੈਰਾਮਨੀ 'ਚ ਕੀਤੀ ਸ਼ਮੂਲੀਅਤ



ਫਿਰੋਜ਼ਪੁਰ, 5 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹੁਸੈਨੀਵਾਲਾ ਬਾਰਡਰ ਨੂੰ ਅਤਿ ਆਧੁਨਿਕ ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕਰਨ ਦਾ ਐਲਾਨ ਕੀਤਾ ਹੈ।

ਹੁਸੈਨੀਵਾਲਾ ਬਾਰਡਰ 'ਤੇ ਰੀਟਰੀਟ ਸੈਰਾਮਨੀ 'ਚ ਸ਼ਮੂਲੀਅਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਪਹਿਲੀ ਵਾਰ ਇਸ ਨੂੰ ਦੇਖ ਕੇ ਬਹੁਤ ਖੁਸ਼ੀ ਮਹਿਸੂਸ ਕਰ ਰਹੇ ਹਨ। ਉਨ੍ਹਾਂ ਬੀ.ਐੱਸ.ਐਫ. ਅਧਿਕਾਰੀਆਂ ਨੂੰ ਇਸ ਇਤਿਹਾਸਕ ਸਥਾਨ ਨੂੰ ਨਵਾਂ ਰੂਪ ਦੇਣ ਲਈ ਵਿਸਥਾਰਤ ਪ੍ਰਸਤਾਵ ਪੇਸ਼ ਕਰਨ ਲਈ ਕਿਹਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਸ ਪਵਿੱਤਰ ਜਗ੍ਹਾ ਦੇ ਵਿਆਪਕ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਸਥਾਨ ਨੂੰ ਆਧੁਨਿਕ ਢੰਗ ਨਾਲ ਵਿਕਸਤ ਕੀਤਾ ਜਾਵੇਗਾ ਤਾਂ ਜੋ ਵੱਧ ਤੋਂ ਵੱਧ ਸੈਲਾਨੀਆਂ ਨੂੰ ਆਕਰਸ਼ਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਤਿੰਨ ਥਾਵਾਂ ਵਾਹਗਾ, ਹੁਸੈਨੀਵਾਲਾ ਅਤੇ ਸੁਲੇਮਾਨਕੀ ਸਰਹੱਦਾਂ 'ਤੇ ਰੀਟਰੀਟ ਸਮਾਰੋਹ ਕਰਵਾਇਆ ਜਾਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਾਹਗਾ ਵਿਖੇ ਵੱਡੀ ਗਿਣਤੀ ਵਿੱਚ ਸੈਲਾਨੀ ਆਉਂਦੇ ਹਨ ਪਰ ਇਸ ਦੇ ਮੁਕਾਬਲੇ ਹੁਸੈਨੀਵਾਲਾ ਅਤੇ ਸੁਲੇਮਾਨਕੀ ਵਿਖੇ ਸੈਲਾਨੀਆਂ ਦੀ ਆਮਦ ਘੱਟ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਸਥਾਨ ਕੋਲ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਦੀ ਵੱਡੀ ਸੰਭਾਵਨਾ ਹੈ, ਇਸ ਲਈ ਇਸ ਸਥਾਨ ਨੂੰ ਸੈਰ ਸਪਾਟੇ ਦੇ ਕੇਂਦਰ ਵਜੋਂ ਵਿਕਸਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਸਥਾਨ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਅਤੇ ਸ਼ਹੀਦ ਸੁਖਦੇਵ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਸਥਾਨ 'ਤੇ ਇੱਕ ਅਜਾਇਬ ਘਰ ਵੀ ਹੈ ਜਿੱਥੇ ਉਹ ਪਿਸਤੌਲ ਪ੍ਰਦਰਸ਼ਿਤ ਕੀਤਾ ਗਿਆ ਹੈ ਜਿਸਦੀ ਵਰਤੋਂ ਮਹਾਨ ਸ਼ਹੀਦ ਨੇ ਸਾਂਡਰਾਸ ਨੂੰ ਮਾਰਨ ਲਈ ਕੀਤੀ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਅਸਥਾਨ ਦੇ ਕਣ ਕਣ ਵਿੱਚ ਦੇਸ਼ ਭਗਤੀ ਸਮੋਈ ਹੈ ਅਤੇ ਇਸ ਪਵਿੱਤਰ ਧਰਤੀ ਨਾਲ ਵੱਧ ਤੋਂ ਵੱਧ ਸੈਲਾਨੀਆਂ ਨੂੰ ਜੋੜਿਆ ਜਾ ਸਕਦਾ ਹੈ।

ਮੁੱਖ ਮੰਤਰੀ ਨੇ ਭਾਰਤੀ ਹਥਿਆਰਬੰਦ ਬਲਾਂ ਦੀ ਵੀ ਸ਼ਲਾਘਾ ਕੀਤੀ ਜੋ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਖਰਾਬ ਮੌਸਮ ਦੇ ਬਾਵਜੂਦ ਆਪਣੀਆਂ ਡਿਊਟੀਆਂ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹੀਦਾਂ ਦੀ ਵਿਰਾਸਤ ਨੂੰ ਸੰਭਾਲਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਸੂਬਾ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਮੋਹਾਲੀ ਹਵਾਈ ਅੱਡੇ ਦਾ ਨਾਂ ਬਦਲ ਕੇ ਸ਼ਹੀਦ ਭਗਤ ਸਿੰਘ ਦੇ ਨਾਂ 'ਤੇ ਰੱਖਿਆ ਗਿਆ ਹੈ। ਇਸੇ ਤਰ੍ਹਾਂ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਬੁੱਧਵਾਰ ਨੂੰ ਮੋਹਾਲੀ ਵਿਖੇ ਨਿਸ਼ਾਨ-ਏ-ਇਨਕਲਾਬ ਪਲਾਜ਼ਾ ਵਿਖੇ ਸ਼ਹੀਦ ਭਗਤ ਸਿੰਘ ਦਾ 30 ਫੁੱਟ ਉੱਚਾ ਬੁੱਤ ਲੋਕ ਅਰਪਣ ਕੀਤਾ ਗਿਆ ਹੈ।

# ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਹਥਿਆਰਬੰਦ ਬਲ ਝੰਡਾ ਦਿਵਸ ਮੌਕੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ

ਚੰਡੀਗੜ੍ਹ, 5 ਦਸੰਬਰ (ਪੋਸਟ ਬਿਊਰੋ):ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਵੀਰਵਾਰ ਨੂੰ ਹਥਿਆਰਬੰਦ ਸੈਨਾ ਝੰਡਾ ਦਿਵਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਕੈਬਨਿਟ ਮੰਤਰੀ ਨੇ ਹਥਿਆਰਬੰਦ ਬਲਾਂ ਦੀਆਂ ਕੁਰਬਾਨੀਆਂ ਅਤੇ ਬਹਾਦਰੀ ਅਤੇ ਦੇਸ਼ ਦੀ ਸੁਰੱਖਿਆ ਲਈ ਪਾਏ ਉਨ੍ਹਾਂ ਦੇ ਵਡਮੁੱਲੇ ਯੋਗਦਾਨ ਦੇ ਸਨਮਾਨ ਵਜੋਂ ਹਥਿਆਰਬੰਦ ਸੈਨਾ ਝੰਡਾ ਦਿਵਸ ਮਨਾਇਆ । ਪੰਜਾਬ ਸਿਵਲ ਸਕੱਤਰੇਤ ਵਿਖੇ ਹੋਏ ਇਸ ਸਮਾਗਮ ਵਿੱਚ ਸੀਨੀਅਰ ਅਧਿਕਾਰੀਆਂ ਅਤੇ ਪਤਵੰਤਿਆਂ ਨੇ ਸ਼ਿਰਕਤ ਕੀਤੀ।

ਮਹਿੰਦਰ ਭਗਤ ਨੇ ਹਥਿਆਰਬੰਦ ਸੈਨਾਵਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਉਨ੍ਹਾਂ ਨੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਹਿਯੋਗ ਦੇਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, "ਹਥਿਆਰਬੰਦ ਸੈਨਾ ਝੰਡਾ ਦਿਵਸ ਸਾਡੇ ਲਈ ਉਨ੍ਹਾਂ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਦੇਣ ਦੀ ਯਾਦ ਦਿਵਾਉਂਦਾ ਹੈ ਜਿਨ੍ਹਾਂ ਨੇ ਦੇਸ਼ ਦੀ ਰਾਖੀ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ। ਇਹ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ ਕਿ ਅਸੀਂ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨੂੰ ਯਕੀਨੀ ਬਣਾਈਏ ਅਤੇ ਸਾਰਥਕ ਤਰੀਕਿਆਂ ਨਾਲ ਉਨ੍ਹਾਂ ਪ੍ਰਤੀ ਆਪਣਾ ਸ਼ੁਕਰਾਨਾ ਪ੍ਰਗਟਾਈਏ।

ਇਸ ਮੌਕੇ ਨਾਗਰਿਕਾਂ ਨੂੰ ਹਥਿਆਰਬੰਦ ਸੈਨਾ ਝੰਡਾ ਦਿਵਸ ਫੰਡ ਵਿੱਚ ਖੁੱਲ੍ਹੇ ਦਿਲ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ, ਜੋਕਿ ਵਿਧਵਾਵਾਂ ਅਤੇ ਮ੍ਰਿਤਕ ਕਰਮਚਾਰੀਆਂ ਦੇ ਆਸ਼ਰਿਤਾਂ ਲਈ ਵਿੱਤੀ ਸਹਾਇਤਾ, ਗੈਰ-ਪੈਨਸ਼ਨਰਾਂ ਲਈ ਡਾਕਟਰੀ ਸਹਾਇਤਾ, ਅਨਾਥ ਬੱਚਿਆਂ ਲਈ ਗੁਜ਼ਾਰਾ ਭੱਤਾ ਅਤੇ ਉੱਚ ਸਿੱਖਿਆ ਵਰਗੀਆਂ ਵੱਖ-ਵੱਖ ਭਲਾਈ ਸਕੀਮਾਂ ਲਈ ਵਰਤਿਆ ਜਾਂਦਾ ਹੈ। ਸਾਬਕਾ ਸੈਨਿਕਾਂ ਦੇ ਬੱਚਿਆਂ ਲਈ ਇਹ ਫੰਡ ਅੰਤਮ ਅਰਦਾਸ ਅਤੇ ਭੋਗ ਸਮਾਗਮਾਂ ਦੌਰਾਨ ਸ਼ਹੀਦਾਂ ਦੇ ਪਰਿਵਾਰਾਂ ਲਈ ਫੌਰੀ ਰਾਹਤ ਪ੍ਰਦਾਨ ਕਰਦਾ ਹੈ।

ਇਸ ਦੌਰਾਨ ਮੌਜੂਦ ਪਤਵੰਤਿਆਂ ਵਿੱਚ ਬ੍ਰਿਗੇਡੀਅਰ ਬੀ.ਐਸ. ਢਿੱਲੋਂ ਡਾਇਰੈਕਟਰ ਰੱਖਿਆ ਸੇਵਾਵਾਂ ਭਲਾਈ ਪੰਜਾਬ ਤੋਂ ਇਲਾਵਾ ਬ੍ਰਿਗੇਡੀਅਰ ਬਲਜਿੰਦਰ ਵਿਰਕ ਡਿਪਟੀ ਡਾਇਰੈਕਟਰ ਮੁੱਖ ਦਫ਼ਤਰ, ਕਰਨਲ ਜਰਨੈਲ ਸਿੰਘ ਅਫ਼ਸਰ ਆਨ ਸਪੈਸ਼ਲ ਡਿਊਟੀ ਅਤੇ ਮਨਜੀਤ ਸਿੰਘ ਸੁਪਰਡੈਂਟ ਗ੍ਰੇਡ 2 ਸਮਾਗਮ ਵਿੱਚ ਹਾਜ਼ਰ ਸਨ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVer CPA Professional Corporation
214-7895 Tranmere Drive, Mississauga ON L5S 1V9



Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com





SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



# ਆਜ਼ਾਦੀ ਤੋਂ 77 ਸਾਲਾਂ ਬਾਅਦ ਬੱਲੂਆਣਾ ਨੂੰ ਮਿਲਿਆ ਪਹਿਲਾ ਸਰਕਾਰੀ ਡਿਗਰੀ ਕਾਲਜ

## ਭਗਵੰਤ ਮਾਨ ਨੇ ਸਿੱਖਿਆ ਖੇਤਰ ਨੂੰ ਹੁਲਾਰਾ ਦੇਣ ਲਈ ਸਰਕਾਰੀ ਡਿਗਰੀ ਕਾਲਜ ਸੁਖਚੈਨ ਲੋਕਾਂ ਨੂੰ ਕੀਤਾ ਸਮਰਪਿਤ





ਬੱਲੂਆਣਾ, 5 ਦਸੰਬਰ (ਪੋਸਟ ਬਿਊਰੋ): ਆਜ਼ਾਦੀ ਦੇ 77 ਸਾਲਾਂ ਬਾਅਦ ਅੱਜ ਫਾਜ਼ਿਲਕਾ ਜ਼ਿਲ੍ਹੇ ਦੇ ਦਿਹਾਤੀ ਵਿਧਾਨ ਸਭਾ ਹਲਕੇ ਬੱਲੂਆਣਾ ਨੂੰ ਪਹਿਲਾ ਸਰਕਾਰੀ ਕਾਲਜ ਪ੍ਰਾਪਤ ਹੋਇਆ ਹੈ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਖੇਤਰ ਵਿੱਚ ਸਿੱਖਿਆ ਖੇਤਰ ਨੂੰ ਵੱਡਾ ਹੁਲਾਰਾ ਦੇਣ ਲਈ ਸਰਕਾਰੀ ਡਿਗਰੀ ਕਾਲਜ ਸੁਖਚੈਨ ਲੋਕਾਂ ਨੂੰ ਸਮਰਪਿਤ ਕੀਤਾ ਹੈ।

ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਅਫ਼ਸੋਸ ਪ੍ਰਗਟਾਇਆ ਕਿ ਪਿਛਲੀਆਂ ਸਰਕਾਰਾਂ ਵਿੱਚੋਂ ਕਿਸੇ ਨੇ ਵੀ ਇਸ ਖੇਤਰ ਵਿੱਚ ਅਜਿਹੇ ਅਦਾਰੇ ਸਥਾਪਤ ਕਰਨ ਬਾਰੇ ਨਹੀਂ ਸੋਚਿਆ। ਉਨ੍ਹਾਂ ਕਿਹਾ ਕਿ ਇਹ ਕਾਲਜ ਆਜ਼ਾਦੀ ਦੇ 77 ਸਾਲਾਂ ਬਾਅਦ ਸਥਾਪਿਤ ਕੀਤਾ ਗਿਆ ਹੈ ਅਤੇ ਇਸ ਦਾ ਉਦੇਸ਼ ਵਿਦਿਆਰਥੀਆਂ ਖਾਸ ਕਰਕੇ ਲੜਕੀਆਂ ਦੀ ਭਲਾਈ ਲਈ ਸਿੱਖਿਆ ਖੇਤਰ ਨੂੰ ਹੁਲਾਰਾ ਦੇਣਾ ਹੈ। ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਇਸ ਨਾਲ ਸੂਬੇ ਦੇ ਇਸ ਪੇਂਡੂ ਖੇਤਰ ਵਿੱਚ ਸਿੱਖਿਆ ਦੀ ਘਾਟ ਨੂੰ ਦੂਰ ਕਰਨ ਵਿੱਚ ਵੱਡੀ ਮਦਦ ਮਿਲੇਗੀ।

ਅਕਾਲੀ ਆਗੂਆਂ 'ਤੇ ਨਿਸ਼ਾਨਾ ਬਿੰਨਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਆਗੂ ਲੰਮੀਆਂ-ਲੰਮੀਆਂ ਗੱਲਾਂ ਕਰਨ ਦੇ ਬਾਵਜੂਦ ਸੂਬੇ ਦੇ ਲੋਕਾਂ ਨੂੰ ਕੋਈ ਬਿਹਤਰ ਸਹੂਲਤ ਦੇਣ 'ਚ ਨਾਕਾਮ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਕੁਕਰਮਾਂ ਕਾਰਨ ਹੀ ਹੁਣ ਅਕਾਲੀ ਆਗੂਆਂ ਨੂੰ ਲੋਕ ਰੋਹ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਲੋਕਤੰਤਰ ਵਿੱਚ ਆਮ ਆਦਮੀ ਦੀ ਤਾਕਤ ਹੀ ਸਭ ਤੋਂ ਵੱਡੀ ਤਾਕਤ ਹੁੰਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਵਿੱਚ ਇੰਨਾ ਸਾਹਸ ਹੈ ਕਿ ਉਹ ਵੀਹ ਸਾਲਾਂ ਦੀ ਕਿਸਮਤ ਦਾ ਫੈਸਲਾ ਸਿਰਫ ਵੀਹ ਮਿੰਟਾਂ ਵਿੱਚ ਕਰ ਸਕਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸਿਹਤ, ਸਿੱਖਿਆ, ਬਿਜਲੀ, ਪਾਣੀ ਅਤੇ ਬੁਨਿਆਦੀ ਢਾਂਚੇ ਵਰਗੇ ਖੇਤਰਾਂ ਨੂੰ ਕੌਮੀ ਸਿਆਸਤ ਦੇ ਕੇਂਦਰ 'ਤੇ ਲਿਆਉਣ ਦਾ ਸਿਹਰਾ 'ਆਪ' ਨੂੰ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਖੇਤਰ ਉਨ੍ਹਾਂ ਦੀ ਸਰਕਾਰ ਦੀਆਂ ਪੰਜ ਪ੍ਰਮੁੱਖ ਤਰਜੀਹਾਂ ਵਿੱਚ ਸ਼ਾਮਲ ਹਨ ਅਤੇ ਇਸ ਸਬੰਧ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿੱਥੇ ਦੂਜੀਆਂ ਸਿਆਸੀ ਪਾਰਟੀਆਂ ਨੇ ਹਮੇਸ਼ਾ ਹੀ ਨਫ਼ਰਤ ਅਤੇ ਫੁੱਟ ਪਾਉਣ ਦੇ ਏਜੰਡੇ 'ਤੇ ਕੰਮ ਕੀਤਾ ਹੈ, ਉੱਥੇ 'ਆਪ' ਨੇ ਇਨ੍ਹਾਂ ਖੇਤਰਾਂ ਨੂੰ ਪਹਿਲ ਦੇ ਕੇ ਸਿਆਸਤ ਨੂੰ ਨਵੀਂ ਦਿਸ਼ਾ ਦਿੱਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿੱਖਿਆ ਨੂੰ ਤਰਜੀਹ ਦਿੱਤੀ ਗਈ ਹੈ ਅਤੇ ਲੋਕਾਂ ਦੇ ਜੀਵਨ ਵਿੱਚ ਬਦਲਾਅ ਲਿਆਉਣ ਦੇ ਉਦੇਸ਼ ਨਾਲ ਸਿੱਖਿਆ ਦੇ ਖੇਤਰ ਵਿੱਚ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਸਿੱਖਿਆ ਹੀ ਉਹ ਕੁੰਜੀ ਹੈ ਜੋ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕ ਕੇ ਉਨ੍ਹਾਂ ਨੂੰ ਗਰੀਬੀ ਵਿੱਚੋਂ ਬਾਹਰ ਕੱਢ ਸਕਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਕਾਰਨ ਉਨ੍ਹਾਂ ਦੀ ਸਰਕਾਰ ਆਮ ਲੋਕਾਂ ਦੇ ਸਸ਼ਕਤੀਕਰਨ ਲਈ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਅਣਥੱਕ ਯਤਨ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਜੇ.ਈ.ਈ ਅਤੇ ਹੋਰ ਵੱਕਾਰੀ ਪ੍ਰੀਖਿਆਵਾਂ ਵਿੱਚ ਮੱਲ੍ਹਾਂ ਮਾਰ ਰਹੇ ਹਨ ਜਿਸ ਨਾਲ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਪਹਿਲਾਂ ਲੋਕ ਮਜ਼ਬੂਰੀ ਵਿੱਚ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲ ਵਿੱਚ ਭੇਜਦੇ ਸਨ ਪਰ ਹੁਣ ਸਿੱਖਿਆ ਪ੍ਰਣਾਲੀ ਵਿੱਚ ਸੁਧਾਰ ਹੋਣ ਕਰਕੇ ਅਜਿਹਾ ਕਰਨਾ ਇਹ ਉਨ੍ਹਾਂ ਦੀ ਇੱਛਾ ਬਣ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਸੂਬੇ ਭਰ ਵਿੱਚ ਸਕੂਲ ਆਫ਼ ਐਮੀਨੈਂਸ ਸਥਾਪਿਤ ਕੀਤੇ ਗਏ ਹਨ ਅਤੇ ਇਸੇ ਤਰ੍ਹਾਂ ਸਰਕਾਰੀ ਸਿਹਤ ਪ੍ਰਣਾਲੀ ਨੂੰ ਵੀ ਅਪਗ੍ਰੇਡ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬੜੇ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਸੂਬਾ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਵੱਖ-ਵੱਖ ਵਿਭਾਗਾਂ ਵਿੱਚ 50,000 ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਭਰਤੀ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਿਆ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪ੍ਰਕਿਰਿਆ ਨੂੰ ਅੱਗੇ ਵੀ ਜਾਰੀ ਰੱਖਿਆ ਜਾਵੇਗਾ ਕਿਉਂਕਿ ਸੂਬੇ ਦੇ ਕਈ ਪ੍ਰਮੁੱਖ ਵਿਭਾਗਾਂ ਵਿੱਚ ਭਰਤੀ ਪ੍ਰਕਿਰਿਆ ਪ੍ਰਗਤੀ ਅਧੀਨ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਵਿਕਸਿਤ ਕੀਤੇ ਗਏ ਪਾਰਦਰਸ਼ੀ ਪ੍ਰਸ਼ਾਸ਼ਨ ਸਦਕਾ ਇਕੱਲੇ ਬੱਲੂਆਣਾ ਵਿਧਾਨ ਸਭਾ ਹਲਕੇ ਦੇ ਪਿੰਡ ਡੰਗਰ ਖੇੜਾ ਨੂੰ 700 ਨੌਕਰੀਆਂ ਪ੍ਰਾਪਤ ਹੋਈਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਿੰਡ ਡੰਗਰ ਖੇੜਾ ਦਾ ਨਾਂ ਬਦਲ ਕੇ ਅਧਿਆਪਕ ਖੇੜਾ ਰੱਖਣ ਬਾਰੇ ਵਿਚਾਰ ਕੀਤਾ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਇਸ ਮਾਮਲੇ ਨੂੰ ਕੇਂਦਰ ਸਰਕਾਰ ਕੋਲ ਉਠਾਉਣਗੇ ਕਿਉਂਕਿ ਇਸ ਪ੍ਰਕਿਰਿਆ ਲਈ ਕੇਂਦਰ ਸਰਕਾਰ ਵੱਲੋਂ ਮਨਜ਼ੂਰੀ ਦੀ ਜ਼ਰੂਰਤ ਹੈ।

ਲੜਕੀਆਂ ਦੀ ਸਿੱਖਿਆ ਦੀ ਮਹੱਤਤਾ ਨੂੰ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਿੱਖਿਆ ਮਹਿਲਾ ਸਸ਼ਕਤੀਕਰਨ ਦਾ ਆਧਾਰ ਹੈ ਇਸ ਦਿਸ਼ਾ ਵਿੱਚ ਸੂਬਾ ਸਰਕਾਰ ਵੱਲੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਐਲਾਨ ਕੀਤਾ ਕਿ ਇਸ ਕਾਲਜ ਲਈ ਅਧਿਆਪਕਾਂ ਦੀਆਂ 9 ਅਸਾਮੀਆਂ ਮਨਜ਼ੂਰ ਕੀਤੀਆਂ ਗਈਆਂ ਹਨ, ਜਿਨ੍ਹਾਂ ਦੀ ਗਿਣਤੀ ਵਿਦਿਆਰਥੀਆਂ ਦੀ ਗਿਣਤੀ ਦੇ ਆਧਾਰ 'ਤੇ ਵਧਾਉਣ ਦੀ ਯੋਜਨਾ ਉਲੀਕੀ ਗਈ ਹੈ। ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਇਹ ਕਾਲਜ ਖੇਤਰ ਦੀਆਂ ਲੜਕੀਆਂ ਦੀ ਭਲਾਈ ਲਈ ਅਹਿਮ ਭੂਮਿਕਾ ਨਿਭਾਏਗਾ।

ਮੁੱਖ ਮੰਤਰੀ ਨੇ ਇਹ ਵੀ ਗਰੰਟੀ ਦਿੱਤੀ ਕਿ ਅਬੋਹਰ ਵਿਖੇ ਉਦਘਾਟਨ ਕੀਤਾ ਗਿਆ ਪਾਣੀ ਅਤੇ ਸੀਵਰੇਜ ਪ੍ਰਾਜੈਕਟ ਆਉਣ ਵਾਲੀਆਂ ਪੀੜ੍ਹੀਆਂ ਦੀਆਂ ਲੋੜਾਂ ਦੀ ਪੂਰਤੀ ਕਰੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸੂਬੇ ਦੇ ਵਸਨੀਕਾਂ ਨੂੰ ਅਤਿ ਆਧੁਨਿਕ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਦੀ ਪ੍ਰਗਤੀ ਅਤੇ ਇੱਥੋਂ ਦੇ ਵਸਨੀਕਾਂ ਦੀ ਖੁਸ਼ਹਾਲੀ ਲਈ ਪੂਰੀ ਲਗਨ ਨਾਲ ਕੰਮ ਕਰ ਰਹੀ ਹੈ।

ਇਸ ਦੌਰਾਨ ਮੁੱਖ ਮੰਤਰੀ ਨੇ ਰਵਾਇਤੀ ਕਦਰਾਂ-ਕੀਮਤਾਂ ਦੀ ਸਾਂਭ-ਸੰਭਾਲ ਅਤੇ ਨੌਜਵਾਨ ਪੀੜ੍ਹੀ ਤੱਕ ਇਨ੍ਹਾਂ ਨੂੰ ਕਾਇਮ ਰੱਖਣ ਲਈ ਬਿਸ਼ਨੋਈ ਭਾਈਚਾਰੇ ਦੀ ਸ਼ਲਾਘਾ ਕੀਤੀ। ਉਨ੍ਹਾਂ ਇਸ ਕਾਲਜ ਦੀ ਸਥਾਪਨਾ ਲਈ 10 ਏਕੜ ਜ਼ਮੀਨ ਦਾਨ ਕਰਨ ਲਈ ਪੰਚਾਇਤ ਦਾ ਤਹਿ ਦਿਲੋਂ ਧੰਨਵਾਦ ਕੀਤਾ। ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਲਗਭਗ 15.50 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਿਤ ਕੀਤਾ ਗਿਆ ਇਹ ਕਾਲਜ ਇਸ ਖੇਤਰ ਵਿੱਚ ਵਿਦਿਆ ਦਾ ਚਾਨਣ-ਮੁਨਾਰਾ ਬਣੇਗਾ।

ਮੁੱਖ ਮੰਤਰੀ ਨੇ ਬੱਲੂਆਣਾ ਵਿਖੇ ਇੰਜਨੀਅਰ ਆਫ਼ ਨਹਿਰੀ ਡਵੀਜ਼ਨ ਦਾ ਦਫ਼ਤਰ ਬਰਕਰਾਰ ਰੱਖਣ ਦਾ ਵੀ ਐਲਾਨ ਕੀਤਾ। ਇਸ ਤੋਂ ਪਹਿਲਾਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸੂਬਾ ਸਰਕਾਰ ਨੇ ਆਪਣੀ ਸੱਤਾ ਦੇ 1,000 ਦਿਨਾਂ ਵਿੱਚ ਹੀ 8,000 ਸਕੂਲਾਂ ਲਈ ਚਾਰਦੀਵਾਰੀ ਬਣਾਉਣ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਇਹ ਉਨ੍ਹਾਂ ਦੇ ਸਿੱਖਿਆ ਮਾਡਲ ਅਤੇ ਕ੍ਰਾਂਤੀ ਵਿੱਚ ਇਕ ਮਹੱਤਵਪੂਰਨ ਮੀਲ ਪੱਥਰ ਬਣ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸੂਬਾ ਸਰਕਾਰ ਨੇ ਆਪਣੇ ਕਾਰ-ਜਕਾਲ ਦੌਰਾਨ ਨੌਜਵਾਨਾਂ ਨੂੰ 50,000 ਨੌਕਰੀਆਂ ਪ੍ਰਦਾਨ ਕੀਤੀਆਂ ਹਨ, ਜਿਸ ਨਾਲ ਰੋਜ਼ਾਨਾ 50 ਨੌਜਵਾਨਾਂ ਨੂੰ ਰੁਜ਼ਗਾਰ ਮਿਲ ਰਿਹਾ ਹੈ। ਉਨ੍ਹਾਂ ਬੱਲੂਆਣਾ ਹਲਕੇ ਦੇ ਸਕੂਲਾਂ ਲਈ 50 ਕਰੋੜ ਰੁਪਏ ਅਲਾਟ ਕਰਨ ਦਾ ਐਲਾਨ ਕੀਤਾ।

Tech Spirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
1080p HD ਦੇ 4 ਸਿਕਯੂਰਟੀ ਕੈਮਰੇ ਸਿਰਫ $999 ਵਿੱਚ ਲਗਵਾਓ
Call: 905-621-4100
7-8770 The Gore Road, Brampton, ON L6P 0B1

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# 20,000 ਰੁਪਏ ਰਿਸ਼ਵਤ ਲੈਂਦਾ ਸਹਾਇਕ ਸਬ-ਇੰਸਪੈਕਟਰ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ, 5 ਦਸੰਬਰ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਵੀਰਵਾਰ ਨੂੰ ਕਮਿਸ਼ਨਰੇਟ ਅੰਮ੍ਰਿਤਸਰ ਦੇ ਮਨੁੱਖੀ ਤਸਕਰੀ ਰੋਕੂ ਵਿੰਗ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਅਰਜਨ ਸਿੰਘ ਨੂੰ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਅੰਮ੍ਰਿਤਸਰ ਸ਼ਹਿਰ ਦੇ ਮੁਹੱਲਾ ਇਸਲਾਮਾਬਾਦ ਦੇ ਵਸਨੀਕ ਰੋਹਿਤ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਕਤ ਪੁਲਿਸ ਮੁਲਾਜ਼ਮ ਨੇ ਵਿਦੇਸ਼ ਭੇਜਣ ਸਬੰਧੀ ਮਾਮਲੇ ਵਿੱਚ ਸ਼ਿਕਾਇਤਕਰਤਾ ਦੇ ਪੱਖ ਵਿੱਚ ਰਿਪੋਰਟ ਦੇਣ ਅਤੇ ਇਮੀਗ੍ਰੇਸ਼ਨ ਏਜੰਟ ’ਤੇ ਐਫਆਈਆਰ ਦਰਜ ਕਰਵਾਉਣ ਬਦਲੇ 20,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਪੁਲਿਸ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੀ ਕਾਰਵਾਈ ਜਾਰੀ ਹੈ।

# ਪੰਜਾਬ ’ਚ ਡਿਜ਼ੀਟਲ ਕ੍ਰਾਂਤੀ ਦੇ ਨਵੇਂ ਯੁੱਗ ਦਾ ਆਗਾਜ਼, ਹੁਣ ਸਰਪੰਚ, ਨੰਬਰਦਾਰ ਅਤੇ ਐੱਮ.ਸੀ. ਆਨਲਾਈਨ ਕਰਨਗੇ ਅਰਜ਼ੀਆਂ ਤਸਦੀਕ

## ਹੁਣ ਤੋਂ ਜਾਤੀ ਸਰਟੀਫਿਕੇਟ ਸਮੇਤ ਵੱਧ ਮੰਗ ਵਾਲੀਆਂ ਸੇਵਾਵਾਂ ਲਈ ਅਰਜ਼ੀਆਂ ’ਤੇ ਕਾਰਵਾਈ ਆਨਲਾਈਨ ਕੀਤੀ ਜਾਵੇਗੀ : ਅਮਨ ਅਰੋੜਾ

ਚੰਡੀਗੜ੍ਹ, 5 ਦਸੰਬਰ (ਪੋਸਟ ਬਿਊਰੋ): ਸੂਬੇ ਵਿੱਚ ਡਿਜ਼ੀਟਲ ਪ੍ਰਸ਼ਾਸਨ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰਦਿਆਂ ਪੰਜਾਬ ਦੇ ਪ੍ਰਸ਼ਾਸਨਿਕ ਸੁਧਾਰ ਮੰਤਰੀ ਅਮਨ ਅਰੋੜਾ ਨੇ ਅੱਜ ਇੱਕ ਅਹਿਮ ਪ੍ਰਾਜੈਕਟ ਦੀ ਸ਼ੁਰੂਆਤ ਕੀਤੀ, ਜਿਸ ਤਹਿਤ ਸਰਪੰਚ, ਨੰਬਰਦਾਰ ਅਤੇ ਮਿਉਂਸਪਲ ਕੌਂਸਲਰ (ਐਮ.ਸੀਜ਼) ਵੱਖ-ਵੱਖ ਸਰਟੀਫਿਕੇਟਾਂ ਲਈ ਅਰਜ਼ੀਆਂ ਦੀ ਆਨਲਾਈਨ ਤਸਦੀਕ ਕਰਨਗੇ। ਇਸ ਨਵੀਂ ਪਹਿਲਕਦਮੀ ਨੂੰ ਸ਼ੁਰੂ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ, ਜਿਸ ਦਾ ਉਦੇਸ਼ ਨਾਗਰਿਕਾਂ ਨੂੰ ਸਰਪੰਚਾਂ, ਨੰਬਰਦਾਰਾਂ ਅਤੇ ਐਮ.ਸੀਜ਼. ਤੋਂ ਦਸਤਖ਼ਤ ਕਰਵਾਉਣ ਲਈ ਉਨ੍ਹਾਂ ਕੋਲ ਵਾਰ ਵਾਰ ਆਉਣ-ਜਾਣ ਦੇ ਝੰਜਟ ਤੋਂ ਛੁਟਕਾਰਾ ਦਿਵਾਉਣਾ ਹੈ।



ਇਸ ਡਿਜ਼ੀਟਲ ਪਹਿਲਕਦਮੀ ਤਹਿਤ, ਸਭ ਤੋਂ ਵੱਧ ਮੰਗ ਵਾਲੀਆਂ ਸੇਵਾਵਾਂ ਜਿਵੇਂ ਰਿਹਾਇਸ਼ੀ ਸਰਟੀਫਿਕੇਟ, ਜਾਤੀ (ਐਸ.ਸੀ., ਬੀ.ਸੀ./ਓ.ਬੀ.ਸੀ.) ਸਰਟੀਫਿਕੇਟ, ਆਮਦਨ ਸਰਟੀਫਿਕੇਟ, ਈ.ਡਬਲਿਊ.ਐਸ. ਸਰਟੀਫਿਕੇਟ, ਬੁਢਾਪਾ ਪੈਨਸ਼ਨ ਅਤੇ ਡੋਗਰਾ ਸਰਟੀਫਿਕੇਟ ਸਬੰਧੀ ਅਰਜ਼ੀਆਂ ਤਸਦੀਕ ਲਈ ਸਬੰਧਤ ਸਰਪੰਚ, ਨੰਬਰਦਾਰ ਅਤੇ ਐਮ.ਸੀ. ਨੂੰ ਆਨਲਾਈਨ ਭੇਜੀਆਂ ਜਾਣਗੀਆਂ। ਇਨ੍ਹਾਂ ਸੇਵਾਵਾਂ ਲਈ ਪੇਂਡੂ ਖੇਤਰਾਂ ਵਿੱਚ ਸਰਪੰਚਾਂ ਅਤੇ ਨੰਬਰਦਾਰਾਂ ਕੋਲੋਂ ਅਤੇ ਸ਼ਹਿਰੀ ਖੇਤਰਾਂ ਵਿੱਚ ਐਮ.ਸੀ. ਕੋਲੋਂ ਤਸਦੀਕ ਕਰਵਾਉਣ ਦੀ ਜ਼ਰੂਰਤ ਹੁੰਦੀ ਹੈ। ਇਸ ਪ੍ਰਾਜੈਕਟ ਦੇ ਸ਼ੁਰੂ ਹੋਣ ਨਾਲ, ਪਟਵਾਰੀ ਹੁਣ ਤਸਦੀਕ ਲਈ ਸਰਪੰਚ, ਨੰਬਰਦਾਰ ਜਾਂ ਐਮ.ਸੀ. ਨੂੰ ਆਨਲਾਈਨ ਅਰਜ਼ੀਆਂ ਭੇਜਣਗੇ। ਇਸ ਤਹਿਤ ਸਥਾਨਕ ਨੁਮਾਇੰਦਿਆਂ ਨੂੰ ਵਟਸਐਪ ਜ਼ਰੀਏ ਜਾਣਕਾਰੀ ਪ੍ਰਾਪਤ ਹੋਵੇਗੀ ਅਤੇ ਉਹ ਵਟਸਐਪ ਰਾਹੀਂ ਆਪਣੀ ਸਿਫਾਰਸ਼ ਦੇ ਸਕਦੇ ਹਨ।

ਅਮਨ ਅਰੋੜਾ ਨੇ ਕਿਹਾ ਕਿ ਇਸ ਆਨਲਾਈਨ ਪ੍ਰਾਜੈਕਟ ਦੀ ਸ਼ੁਰੂਆਤ ਨਾਲ ਉਨ੍ਹਾਂ ਨਾਗਰਿਕਾਂ ਤੋਂ ਬੋਝ ਘਟੇਗਾ, ਜਿਨ੍ਹਾਂ ਨੂੰ ਪਹਿਲਾਂ ਵਾਲੀ ਮੁਸ਼ਕਲ ਪ੍ਰਕਿਰਿਆ ਅਧੀਨ ਸਰਪੰਚਾਂ, ਨੰਬਰਦਾਰਾਂ ਜਾਂ ਐਮ.ਸੀਜ਼ ਤੋਂ ਦਸਤਖਤ ਕਰਵਾਉਣ ਲਈ ਉਨ੍ਹਾਂ ਕੋਲ ਵਾਰ-ਵਾਰ ਜਾਣਾ ਪੈਂਦਾ ਸੀ।

ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪੱਧਰ 'ਤੇ ਸਾਰੇ ਭਾਈਵਾਲਾਂ ਨੂੰ ਵਿਆਪਕ ਸਿਖਲਾਈ ਅਤੇ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਪ੍ਰਸ਼ਾਸਨਿਕ ਸੁਧਾਰ ਮੰਤਰੀ ਨੇ ਕਿਹਾ ਕਿ ਸਰਪੰਚਾਂ, ਨੰਬਰਦਾਰਾਂ ਅਤੇ ਐੱਮ.ਸੀਜ਼ ਨੂੰ ਈ-ਸੇਵਾ ਪੋਰਟਲ 'ਤੇ ਆਪਣੇ ਆਪ ਨੂੰ ਰਜਿਸਟਰ ਕਰਵਾਉਣ ਅਤੇ ਲਾਗਇਨ ਆਈ.ਡੀ. ਪ੍ਰਾਪਤ ਕਰਨ ਲਈ ਆਪੋ-ਆਪਣੇ ਡਿਪਟੀ ਕਮਿਸ਼ਨਰ ਦਫ਼ਤਰਾਂ ਦੀ ਪ੍ਰਸ਼ਾਸਨਿਕ ਸੁਧਾਰ ਸ਼ਾਖਾ ਨਾਲ ਸੰਪਰਕ ਕਰਨ ਲਈ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਮੁਸ਼ਕਲ ਆਉਣ ‘ਤੇ ਉਹ ਸਹਾਇਤਾ ਲਈ ਡੀ.ਸੀ. ਦਫਤਰ, ਨਜ਼ਦੀਕੀ ਸੇਵਾ ਕੇਂਦਰ 'ਤੇ ਜਾ ਸਕਦੇ ਹਨ ਜਾਂ 1100 'ਤੇ ਕਾਲ ਕਰ ਸਕਦੇ ਹਨ।

ਇਸ ਮੌਕੇ ਸਰਪੰਚਾਂ, ਨੰਬਰਦਾਰਾਂ ਅਤੇ ਐਮ.ਸੀਜ਼ ਨੂੰ ਆਨਲਾਈਨ ਵੈਰੀਫਿਕੇਸ਼ਨ ਪ੍ਰਕਿਰਿਆ ਤੋਂ ਜਾਣੂ ਕਰਵਾਉਣ ਲਈ ਇੱਕ ਪੇਸ਼ਕਾਰੀ ਵੀ ਦਿੱਤੀ ਗਈ। ਪੇਸ਼ਕਾਰੀ ਵਿੱਚ ਆਨਲਾਈਨ ਵੈਰੀਫਿਕੇਸ਼ਨ ਲਈ ਪੜਾਅ-ਦਰ-ਪੜਾਅ ਪ੍ਰਕਿਰਿਆ ਬਾਰੇ ਜਾਣੂ ਕਰਵਾਇਆ ਗਿਆ ਅਤੇ ਇਸ ਡਿਜੀਟਲ ਪਹਿਲਕਦਮੀ ਦੇ ਲਾਭਾਂ ਬਾਰੇ ਦੱਸਿਆ ਗਿਆ।

ਪ੍ਰਸ਼ਾਸਨਿਕ ਸੁਧਾਰ ਮੰਤਰੀ ਨੇ ਕਿਹਾ ਕਿ ਪਹਿਲਾਂ ਨਾਗਰਿਕਾਂ ਨੂੰ ਆਪਣੀ ਪਛਾਣ ਅਤੇ ਦਸਤਾਵੇਜ਼ ਪਟਵਾਰੀਆਂ ਤੋਂ ਤਸਦੀਕ ਕਰਵਾਉਣੇ ਪੈਂਦੇ ਸਨ। ਉਸ ਉਪਰੰਤ, ਪਟਵਾਰੀ ਉਨ੍ਹਾਂ ਨੂੰ ਸਬੰਧਤ ਸਰਪੰਚ, ਨੰਬਰਦਾਰ ਜਾਂ ਐਮ.ਸੀ. ਤੋਂ ਦਸਤਖਤ ਕਰਵਾਉਣ ਲਈ ਕਹਿੰਦੇ ਸਨ। ਇਸ ਪ੍ਰਕਿਰਿਆ ਵਿੱਚ ਕਾਫ਼ੀ ਸਮਾਂ ਬਰਬਾਦ ਹੁੰਦਾ ਸੀ ਅਤੇ ਬਿਨੈਕਾਰ ਨੂੰ ਆਪਣੇ ਦਸਤਾਵੇਜ਼ਾਂ 'ਤੇ ਦਸਤਖ਼ਤ ਕਰਵਾਉਣ ਲਈ ਵਾਰ ਵਾਰ ਪਟਵਾਰੀ, ਐਮ.ਸੀ., ਸਰਪੰਚ ਜਾਂ ਨੰਬਰਦਾਰ ਕੋਲ ਜਾਣਾ ਪੈਂਦਾ ਸੀ। ਕੁਝ ਮਾਮਲਿਆਂ ਵਿੱਚ, ਏਜੰਟਾਂ ਵੱਲੋਂ ਨਾਗਰਿਕਾਂ ਦੇ ਦਸਤਾਵੇਜ਼ਾਂ 'ਤੇ ਦਸਤਖਤ ਕਰਵਾਉਣ ਬਦਲੇ ਉਨ੍ਹਾਂ ਦਾ ਵਿੱਤੀ ਸ਼ੋਸ਼ਣ ਵੀ ਕੀਤਾ ਜਾਂਦਾ ਸੀ।

ਅਮਨ ਅਰੋੜਾ ਨੇ ਕਿਹਾ ਕਿ ਹੁਣ ਕਿਸੇ ਵੀ ਨਾਗਰਿਕ ਨੂੰ ਆਪਣੇ ਦਸਤਾਵੇਜ਼ਾਂ 'ਤੇ ਦਸਤਖਤ ਕਰਵਾਉਣ ਲਈ ਕਿਸੇ ਵੀ ਦਫਤਰ ਜਾਣ ਦੀ ਲੋੜ ਨਹੀਂ ਕਿਉਂਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਹੁਕਮ ਅਨੁਸਾਰ ਪ੍ਰਸ਼ਾਸਕੀ ਸੁਧਾਰ ਵਿਭਾਗ ਵੱਲੋਂ ਪਟਵਾਰੀਆਂ ਨੂੰ ਦਸਤਾਵੇਜ਼ਾਂ ਦੀ ਆਨਲਾਈਨ ਤਸਦੀਕ ਪ੍ਰਕਿਰਿਆ ਵਿੱਚ ਵੀ ਸ਼ਾਮਲ ਕੀਤਾ ਗਿਆ ਹੈ ਅਤੇ ਹੁਣ ਤੱਕ ਸੂਬੇ ਭਰ ਵਿੱਚ ਪਿਛਲੇ ਛੇ ਮਹੀਨਿਆਂ ਵਿੱਚ ਪਟਵਾਰੀਆਂ ਵੱਲੋਂ 8.65 ਲੱਖ ਤੋਂ ਵੱਧ ਅਰਜ਼ੀਆਂ ਦੀ ਆਨਲਾਈਨ ਤਸਦੀਕ ਕੀਤੀ ਜਾ ਚੁੱਕੀ ਹੈ।

ਅਮਨ ਅਰੋੜਾ ਨੇ ਕਿਹਾ ਕਿ ਇਹ ਕਦਮ ਡਿਜ਼ੀਟਲ ਪੰਜਾਬ ਸਿਰਜਣ ਦੀ ਦਿਸ਼ਾ ਵਿੱਚ ਅਹਿਮ ਭੂਮਿਕਾ ਨਿਭਾਏਗਾ, ਜਿਸ ਨਾਲ ਲੋਕ ਆਪਣੇ ਘਰ ਬੈਠੇ ਹੀ ਸੇਵਾਵਾਂ ਪ੍ਰਾਪਤ ਕਰ ਸਕਣਗੇ। ਨਾਗਰਿਕ ਹੁਣ ਸੇਵਾ ਕੇਂਦਰ 'ਚ ਜਾ ਕੇ ਜਾਂ ਸਿਰਫ਼ ਹੈਲਪਲਾਈਨ ਨੰਬਰ 1076 'ਤੇ ਕਾਲ ਕਰਕੇ ਅਰਜ਼ੀ ਦੇ ਸਕਦੇ ਹਨ। ਸਰਟੀਫਿਕੇਟ ਸਿੱਧੇ ਉਨ੍ਹਾਂ ਦੇ ਫ਼ੋਨਾਂ 'ਤੇ ਐਸ.ਐਮ.ਐਸ. ਜਾਂ ਵਟਸਐਪ ਜ਼ਰੀਏ ਭੇਜ ਦਿੱਤੇ ਜਾਣਗੇ।
ਇਸ ਮੌਕੇ ਵਿਸ਼ੇਸ਼ ਮੁੱਖ ਸਕੱਤਰ ਪ੍ਰਸ਼ਾਸਨਿਕ ਸੁਧਾਰ ਸਰਵਜੀਤ ਸਿੰਘ, ਡਾਇਰੈਕਟਰ ਗਿਰੀਸ਼ ਦਿਆਲਨ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀਆਂ ਸਮੇਤ ਸਰਪੰਚ, ਨੰਬਰਦਾਰ ਅਤੇ ਐਮ.ਸੀਜ਼ ਮੌਜੂਦ ਸਨ।







# ਸ਼ਹਿਰਾਂ ਦੇ ਯੋਜਨਾਬੱਧ ਵਿਕਾਸ ਵਿੱਚ ਸਭ ਅੜਿੱਕੇ ਦੂਰ ਕਰਾਂਗੇ : ਹਰਦੀਪ ਸਿੰਘ ਮੁੰਡੀਆਂ

## ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਤੇ ਮੁੱਖ ਸਕੱਤਰ ਨੇ 127 ਪ੍ਰਮੋਟਰਾਂ/ਬਿਲਡਰਾਂ ਨੂੰ ਸੌਂਪੇ ਸਰਟੀਫਿਕੇਟ



ਚੰਡੀਗੜ੍ਹ, 5 ਦਸੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਸ਼ਹਿਰਾਂ ਦੇ ਯੋਜਨਾਬੱਧ ਵਿਕਾਸ ਲਈ ਸਭ ਅੜਿੱਕੇ ਦੂਰ ਕੀਤੇ ਜਾ ਰਹੇ ਹਨ। ਸੂਬਾ ਵਾਸੀਆਂ ਨੂੰ ਪਾਰਦਰਸ਼ੀ, ਨਿਰਵਿਘਨ, ਭ੍ਰਿਸ਼ਟਾਚਾਰ ਮੁਕਤ ਤੇ ਸੁਖਾਲੀਆਂ ਸੇਵਾਵਾਂ ਦੇਣ ਦੀ ਵਚਨਬੱਧਤਾ ਉਤੇ ਚੱਲਦਿਆਂ ਰੀਅਲ ਅਸਟੇਟ ਨਾਲ ਸਬੰਧੀ ਕਲੀਅਰੈਂਸ ਸਰਟੀਫਿਕੇਟ ਦੇਣ ਲਈ ਅੱਜ ਦੂਜੀ ਵਾਰ ਵਿਸ਼ੇਸ਼ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ 127 ਪ੍ਰਮੋਟਰਾਂ/ਬਿਲਡਰਾਂ ਨੂੰ ਕਲੀਅਰੈਂਸ ਸਰਟੀਫਿਕੇਟ ਜਾਰੀ ਕੀਤੇ ਗਏ।

ਮੁੰਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਨਿਵੇਸ਼ ਦੇ ਮੌਕੇ ਵਧਾਉਣ ਲਈ ਯਤਨਸ਼ੀਲ ਹੈ ਜਿਸ ਤਹਿਤ ਅੱਜ ਪ੍ਰੋਮੋਟਰਾਂ/ਡਿਵੈਲਪਰਾਂ ਦੇ ਕੰਮਾਂ ਦਾ ਪਹਿਲ ਦੇ ਅਧਾਰ ’ਤੇ ਨਿਪਟ-ਾਰਾ ਕਰਦੇ ਹੋਏ ਅੱਜ ਦੂਜਾ ਕੈਂਪ ਲਗਾਇਆ ਗਿਆ। 16 ਅਕਤੂਬਰ ਨੂੰ ਲੱਗੇ ਪਹਿਲੇ ਕੈਂਪ ਵਿੱਚ ਵੱਖ-ਵੱਖ ਸੇਵਾਵਾਂ ਦੇ 51 ਸਰਟੀਫਿਕੇਟ ਜਾਰੀ ਕੀਤੇ ਗਏ ਸਨ। ਇਸੇ ਕੜੀ ਤਹਿਤ ਅੱਜ ਦੂਜੇ ਕੈਂਪ ਵਿੱਚ ਕਲੋਨੀਆਂ ਦੇ ਲਾਇਸੈਂਸ, ਕੰਪਲੀਸ਼ਨ ਸਰਟੀਫਿਕੇਟ ਪਾਰਸ਼ੀਅਲ ਕੰਪਲੀਸ਼ਨ ਸਰਟੀਫਿਕੇਟ, ਲੈਟਰ ਆਫ ਇਟੈਂਟ, ਜ਼ੋਨਿੰਗ ਪਲੈਨ, ਬਿਲਡਿੰਗ ਪਲਾਨ, ਪ੍ਰਮੋਟਰ ਰਜਿਸਟ੍ਰੇਸ਼ਨ ਸਰਟੀਫਿਕੇਟ ਅਤੇ ਲੇ-ਆਊਟ ਪਲਾਨ ਆਦਿ ਦੇ 127 ਸਰਟੀਫਿਕੇਟ ਪ੍ਰਦਾਨ ਕੀਤੇ ਗਏ ਹਨ। ਭਵਿੱਖ ਵਿੱਚ ਵੀ ਅਜਿਹੇ ਕੈਂਪ ਹੋਰ ਵੀ ਲਗਾਏ ਜਾਣਗੇ।

ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਨੇ ਕਿਹਾ ਕਿ ਪ੍ਰਮੋਟਰਾਂ/ਡਿਵੈਲਪਰਾਂ ਦੇ ਕੰਮਾਂ ਨੂੰ ਪਹਿਲ ਦੇ ਅਧਾਰ ਅਤੇ ਪਾਰਦਰਸ਼ਤਾ ਨਾਲ ਨਿਪਟਾਉਣ ਲਈ ਵਿਭਾਗ ਵਚਨਬੱਧ ਹੈ। ਇਸ ਮੰਤਵ ਲਈ ਈ-ਮੇਲ ਵੀ ਬਣਾਈ ਗਈ ਹੈ ਜਿਸ ਉਤੇ ਕੋਈ ਵੀ ਪ੍ਰਮੋਟਰ/ਡਿਵੈਲਪਰ ਆਪਣੀਆਂ ਮੁਸ਼ਕਲਾਂ ਬਾਰੇ ਈ-ਮੇਲ ਕਰ ਸਕਦੇ ਹਨ। ਉਨ੍ਹਾਂ ਦੇ ਕੇਸਾਂ ਦਾ ਨਿਪਟਾਰਾ ਪਹਿਲ ਦੇ ਅਧਾਰ ਤੇ ਕੀਤਾ ਜਾਂਦਾ ਹੈ।

ਮੁੰਡੀਆਂ ਨੇ ਇਹ ਵੀ ਕਿਹਾ ਕਿ ਪ੍ਰਮੋਟਰਾਂ/ਡਿਵੈਲਪਰਾਂ ਨੂੰ ਸਰਕਾਰ ਕੋਈ ਮੁਸ਼ਕਲ ਨਹੀਂ ਆਉਣ ਦੇਵੇਗੀ ਅਤੇ ਉਹ ਵੀ ਸਰਕਾਰ ਨੂੰ ਸਹਿਯੋਗ ਦਿੰਦੇ ਹੋਏ ਵਿਕਸਤ ਕੀਤੇ ਜਾ ਰਹੇ ਪ੍ਰਾਜੈਕਟਾਂ ਵਿੱਚ ਉਥੋਂ ਦੇ ਵਸਨੀਕਾਂ ਨੂੰ ਵੱਧ ਤੋਂ ਵੱਧ ਅਤੇ ਉਚ ਪੱਧਰ ਦੀਆਂ ਸਹੂਲਤਾਂ ਪ੍ਰਦਾਨ ਕਰਨ ਅਤੇ ਸ਼ਹਿਰ ਵਾਸੀਆਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ। ਵੱਖ-ਵੱਖ ਵਿਕਾਸ ਅਥਾਰਟੀਆਂ ਵਿਖੇ ਰਿਸੈਪਸ਼ਨ/ਸਿੰਗਲ ਵਿੰਡੋ ’ਤੇ ਵੀ ਆਮ ਜਨਤਾ ਦੀ ਸਹੂਲਤ ਲਈ ਉੱਚ ਪੱਧਰ ਦੀਆਂ ਸਹੂਲਤਾਂ ਜਿਵੇਂ ਕਿ ਪਾਣੀ ਦਾ ਪ੍ਰਬੰਧ, ਬੈਠਣ ਲਈ ਢੁੱਕਵੀਂ ਥਾਂ, ਸੋਫੇ, ਕੁਰਸੀਆਂ, ਸੇਵਾਵਾਂ ਲਈ ਟੋਕਣ ਸਿਸਟਮ ਆਦਿ ਲਾਗੂ ਕਰਨ ਦੇ ਪ੍ਰਬੰਧ ਕੀਤੇ ਜਾ ਰਹੇ ਹਨ।

ਮੁੰਡੀਆਂ ਨੇ ਅੱਗੇ ਕਿਹਾ ਕਿ ਉਨ੍ਹਾਂ ਦੇ ਵਿਭਾਗ ਵੱਲੋਂ ਪਿਛਲੀਆਂ ਦੋ ਈ-ਆਕਸ਼ਨਾਂ ਪਾਰਦਰਸ਼ਤਾ ਨਾਲ ਕਰਵਾਈਆਂ ਗਈਆਂ ਹਨ ਜਿਨ੍ਹਾਂ ਰਾਹੀਂ ਵਿਭਾਗ ਨੂੰ 5000 ਕਰੋੜ ਰੁਪਏ ਦੇ ਕਰੀਬ ਆਮਦਨੀ ਹੋਈ ਅਤੇ ਇਹ ਪੈਸਾ ਸ਼ਹਿਰਾਂ ਦੇ ਵਿਕਾਸ ਉਪਰ ਖਰਚ ਕੀਤਾ ਜਾਵੇਗਾ। ਵਿਭਾਗ ਵੱਲੋਂ 639 ਕਰੋੜ ਰੁਪਏ ਦੇ ਵੱਖ-ਵੱਖ ਸ਼ਹਿਰਾਂ ਵਿੱਚ ਵਿਕਾਸ ਕਾਰਜ ਨੇਪਰੇ ਚਾੜ੍ਹੇ ਜਾ ਚੁੱਕੇ ਹਨ। ਇਸ ਤੋਂ ਇਲਾਵਾ 283 ਕਰੋੜ ਰੁਪਏ ਦੇ ਨਵੇਂ ਕੰਮਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।

ਇਸ ਤੋਂ ਪਹਿਲਾਂ ਬੋਲਦਿਆਂ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਕਿਹਾ ਪਾਰਦਰਸ਼ੀ ਤੇ ਸੁਖਾਲੀਆਂ ਨਾਗਰਿਕ ਸੇਵਾਵਾਂ ਦੇਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਸੂਬਾ ਸਰਕਾਰ ਕਿਸੇ ਵੀ ਕੰਮ ਦੀ ਪੈਂਡੇਂਸੀ ਨੂੰ ਲੈ ਕੇ ਬਹੁਤ ਗੰਭੀਰ ਹੈ ਜਿਸ ਕਾਰਨ ਅੱਜ ਇਹ ਕੈਂਪ ਲਗਾ ਕੇ ਰੀਅਲ ਅਸਟੇਟ ਨਾਲ ਜੁੜੇ ਲੋਕਾਂ ਦੇ ਬਕਾਇਆਂ ਕੰਮ ਪੂਰੇ ਕਰਕੇ ਮੌਕੇ ਉੱਤੇ ਹੀ ਸਰਟੀਫਿਕੇਟ ਦਿੱਤੇ ਜਾ ਰਹੇ ਹਨ। ਸਰਕਾਰ ਦਾ ਇਹ ਫੈਸਲਾ ਸੂਬਾ ਵਾਸੀਆਂ ਦੀ ਭਲਾਈ ਅਤੇ ਸ਼ਹਿਰਾਂ ਦੇ ਵਿਕਾਸ ਦੇ ਨਾਲ-ਨਾਲ ਸੂਬੇ ਦੇ ਆਰਥਿਕ ਵਿਕਾਸ ਨੂੰ ਵੱਡਾ ਹੁਲਾਰਾ ਮਿਲੇਗਾ। ਸਰਕਾਰ ਦੀ ਇਹ ਪਹਿਲਕਦਮੀ ਅੱਗੇ ਵੀ ਜਾਰੀ ਰੱਖਦਿਆਂ ਲੋਕਾਂ ਨਾਲ ਜੁੜੇ ਹੋਰਨਾਂ ਵਿਭਾਗਾਂ ਦੇ ਕੰਮਾਂ ਦੀ ਪੈਂਡੇਂਸੀ ਦੂਰ ਕਰਨ ਲਈ ਕੈਂਪ ਆਦਿ ਲਗਾਏ ਜਾਣਗੇ।

ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਦੇ ਸਕੱਤਰ ਰਾਹੁਲ ਤਿਵਾੜੀ ਨੇ ਬੋਲਦਿਆਂ ਕਿਹਾ ਕਿ ਵਿਭਾਗ ਵੱਲੋਂ ਅਲਾਟੀਆਂ ਨੂੰ ਵੱਖ ਵੱਖ ਆਨਲਾਈਨ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ, ਜਿਨ੍ਹਾਂ ਦੀ ਪਹਿਲੀ ਵਾਰ ਜ਼ੀਰੋ ਪੈਂਡੇਂਸੀ ਕੀਤੀ ਗਈ ਹੈ। ਪ੍ਰਮੋਟਰ/ਡਿਵੈਲਪਰ ਸ਼ਹਿਰੀ ਵਿਕਾਸ ਵਿੱਚ ਅਹਿਮ ਕੜੀ ਹੈ ਜਿਸ ਕਰਕੇ ਉਨ੍ਹਾਂ ਨੂੰ ਆਪਣੇ ਕੰਮਾਂ ਲਈ ਹੁਣ ਖੱਜਲ ਖ਼ੁਆਰ ਨਹੀਂ ਹੋਣਾ ਪਵੇਗਾ।

ਗਮਾਡਾ ਦੇ ਸੀ.ਏ. ਮੋਨੀਸ਼ ਕੁਮਾਰ ਨੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ, ਵਿਕਾਸ ਅਥਾਰਟੀਆਂ ਅਤੇ ਪ੍ਰਮੋਟਰਾਂ ਤੇ ਬਿਲਡਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਵਿਭਾਗ ਦੇ ਵਿਸ਼ੇਸ਼ ਸਕੱਤਰ ਅਪਨੀਤ ਰਿਆਤ, ਬੀ.ਡੀ.ਏ. ਤੇ ਪੀ.ਡੀ.ਏ. ਦੇ ਸੀ.ਏ. ਮਨੀਸ਼ਾ ਰਾਣਾ, ਏ.ਡੀ.ਏ. ਤੇ ਜੇ.ਡੀ.ਏ. ਦੇ ਸੀ.ਏ. ਅੰਕੁਰਜੀਤ ਸਿੰਘ, ਗਲਾਡਾ ਦੇ ਸੀ.ਏ. ਹਰਪ੍ਰੀਤ ਸਿੰਘ ਤੇ ਪੁੱਡਾ ਦੇ ਸੀ.ਏ. ਇਨਾਇਤ ਅਤੇ ਰੀਅਲ ਅਸਟੇਟ ਦੀ ਕਨਫੈਡਰੇਸ਼ਨ ਵੱਲੋਂ ਜਗਜੀਤ ਸਿੰਘ ਹਾਜ਼ਰ ਸਨ।

# ਸਰਹੱਦ ਪਾਰ ਦੇ ਨਾਰਕੋ ਸਮੱਗਲਿੰਗ ਮਾਡਿਊਲ ਦਾ ਪਰਦਾਫਾਸ਼, 5 ਕਿਲੋ ਹੈਰੋਇਨ ਸਮੇਤ ਤਿੰਨ ਕਾਬੂ

## ਨਸ਼ੀਲੇ ਪਦਾਰਥਾਂ ਦੇ ਸਪਲਾਇਰਾਂ, ਡੀਲਰਾਂ ਅਤੇ ਉਨ੍ਹਾਂ ਦੇ ਖ਼ਰੀਦਦਾਰਾਂ ਦੇ ਪੂਰੇ ਨੈਟਵਰਕ ਦਾ ਪਤਾ ਲਗਾਉਣ ਲਈ ਜਾਂਚ ਜਾਰੀ : ਡੀਜੀਪੀ ਗੌਰਵ ਯਾਦਵ

ਚੰਡੀਗੜ੍ਹ, 5 ਦਸੰਬਰ (ਪੋਸਟ ਬਿਊਰੋ): ਨਸ਼ਿਆਂ ਵਿਰੁੱਧ ਚੱਲ ਰਹੀ ਫ਼ੈਸਲਾਕੁਨ ਜੰਗ ਤਹਿਤ ਸਰਹੱਦ ਪਾਰ ਤੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਗਿਰੋਹ ਨੂੰ ਵੱਡਾ ਝਟਕਾ ਦਿੰਦਿਆਂ ਕਮਿਸ਼ਨਰੇਟ ਪੁਲਿਸ (ਸੀ.ਪੀ.) ਅੰਮ੍ਰਿਤਸਰ ਨੇ ਤਿੰਨ ਵਿਅਕਤੀਆਂ ਨੂੰ 5 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਵੀਰਵਾਰ ਨੂੰ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਹਰਪ੍ਰਤਾਪ ਸਿੰਘ ਉਰਫ ਹੈਪੀ (29) ਵਾਸੀ ਪਿੰਡ ਰੋੜੇਵਾਲੀ (ਅੰਮ੍ਰਿਤਸਰ), ਕਰਨਦੀਪ ਸਿੰਘ (21) ਵਾਸੀ ਪਿੰਡ ਨਗਲ ਸੋਹਲ(ਅੰਮ੍ਰਿਤਸਰ) ਅਤੇ ਜਗਪ੍ਰੀਤ ਸਿੰਘ (19) ਵਾਸੀ ਪਿੰਡ ਧਰਮਕੋਟ ਰੰਧਾਵਾ (ਬਟਾਲਾ) ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਹੈਰੋਇਨ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ ਦੋਸ਼ੀਆਂ



ਦਾ ਮੋਟਰਸਾਈਕਲ ਵੀ ਜ਼ਬਤ ਕੀਤਾ ਹੈ, ਜਿਸ 'ਤੇ ਉਹ ਸਵਾਰ ਸਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਐਫਆਈਆਰ ਦਰਜ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਡਰੱਗ ਸਪਲਾਇਰਾਂ, ਡੀਲਰਾਂ ਅਤੇ ਉਹਨਾਂ ਦੇ ਖ਼ਰੀਦਦਾਰਾਂ ਦੇ ਪੂਰੇ ਨੈਟਵਰਕ ਦਾ ਪਤਾ ਲਗਾਉਣ ਲਈ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀ.ਪੀ. ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁਲਿਸ ਟੀਮਾਂ ਨੂੰ ਭਰੋਸੇਯੋਗ ਸੂਤਰਾਂ ਤੋਂ ਇਤਲਾਹ ਮਿਲੀ ਸੀ ਕਿ ਕੁਝ ਵਿਅਕਤੀਆਂ ਨੇ ਫਤਿਹਗੜ੍ਹ ਚੂੜੀਆਂ ਦੇ ਇਲਾਕੇ ਚੋਂ ਇੱਕ ਅਣਪਛਾਤੇ ਵਿਅਕਤੀ ਤੋਂ ਨਸ਼ਿਆਂ ਦੀ ਖੇਪ ਪ੍ਰਾਪਤ ਕੀਤੀ ਹੈ ਅਤੇ ਉਹ ਆਪਣੇ ਮੋਟਰਸਾਈਕਲ 'ਤੇ ਵੇਰਕਾ ਬਾਈਪਾਸ ਵੱਲ ਆ ਰਹੇ ਹਨ ।

ਉਨ੍ਹਾਂ ਦੱਸਿਆ ਕਿ ਮੁਸਤੈਦੀ ਨਾਲ ਕਾਰਵਾਈ ਕਰਦਿਆਂ ਹੋਇਆਂ ਡੀ.ਸੀ.ਪੀ. ਇਨਵੈਸਟੀਗੇਸ਼ਨ ਆਲਮ ਵਿਜੇ ਸਿੰਘ, ਏ.ਡੀ.ਸੀ.ਪੀ. ਸਿਟੀ ਇਨਵੈਸਟੀਗੇਸ਼ਨ ਨਵਜੋਤ ਸਿੰਘ ਅਤੇ ਏ.ਸੀ.ਪੀ. ਡਿਟੈਕਟਿਵ ਹਰਮਿੰਦਰ ਸਿੰਘ ਦੀ ਨਿਗਰਾਨੀ ਵਿੱਚ ਅਤੇ ਇੰਸਪੈਕਟਰ ਅਮੋਲਕਦੀਪ ਸਿੰਘ ਦੀ ਅਗਵਾਈ ਹੇਠ ਸੀ.ਆਈ.ਏ. ਸਟਾਫ-1 ਦੀ ਪੁਲੀਸ ਟੀਮਾਂ ਨੇ ਸਪੈਸ਼ਲ ਅਭਿਆਨ ਚਲਾ ਕੇ ਮੁਲਜ਼ਮਾਂ ਨੂੰ ਐਸਕਾਰਟ ਹਸਪਤਾਲ,ਅੰਮ੍ਰਿਤਸਰ ਦੇ ਨੇੜਿਓਂ ਕਾਬੂ ਕਰ ਲਿਆ।

ਸੀ.ਪੀ. ਨੇ ਅੱਗੇ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਵੱਲੋਂ ਹੁਣ ਤੱਕ ਖ਼ਰੀਦੀ ਗਈ ਹੈਰੋਇਨ ਦੀ ਕੁੱਲ ਅਨੁਮਾਨਿਤ ਕੀਮਤ ਦਾ ਪਤਾ ਲਗਾਉਣ ਲਈ ਯਤਨ ਜਾਰੀ ਹਨ।

ਇਸ ਸਬੰਧੀ ਇੱਕ ਕੇਸ 272 ਮਿਤੀ 03.12.2024 ਨੂੰ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 21-ਸੀ, 23 ਅਤੇ 29 ਅਧੀਨ ਥਾਣਾ ਸਦਰ, ਅੰਮ੍ਰਿਤਸਰ ਵਿਖੇ ਦਰਜ ਕੀਤਾ ਗਿਆ ਹੈ।

# ਮੁੱਖ ਮੰਤਰੀ ਵੱਲੋਂ ਅਬੋਹਰ ਵਾਸੀਆਂ ਨੂੰ 119.16 ਕਰੋੜ ਰੁਪਏ ਦਾ ਤੋਹਫਾ

## ਸ਼ਹਿਰ ਵਿੱਚ ਜਲ ਸਪਲਾਈ ਅਤੇ ਸੀਵਰੇਜ ਪ੍ਰਾਜੈਕਟ ਲੋਕਾਂ ਨੂੰ ਕੀਤੇ ਸਮਰਪਿਤ

ਅਬੋਹਰ, 5 ਦਸੰਬਰ (ਪੋਸਟ ਬਿਊਰੋ): ਅਬੋਹਰ ਸ਼ਹਿਰ ਦੇ ਵਾਸੀਆਂ ਨੂੰ ਵੱਡੀ ਸੌਗਾਤ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਲ ਸਪਲਾਈ ਅਤੇ ਸੀਵਰੇਜ ਪ੍ਰਾਜੈਕਟ ਲੋਕਾਂ ਨੂੰ ਸਮਰਪਿਤ ਕੀਤੇ ਜਿਸ ਨਾਲ ਸ਼ਹਿਰੀਆਂ ਨੂੰ ਵੱਡੀ ਸਹੂਲਤ ਹਾਸਲ ਹੋਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਪ੍ਰਾਜੈਕਟ ਸ਼ਹਿਰ ਵਾਸੀਆਂ ਲਈ ਮੀਲ ਪੱਥਰ ਸਾਬਤ ਹੋਣਗੇ। ਉਨ੍ਹਾਂ ਕਿਹਾ ਕਿ ਇਸ ਨਾਲ ਸ਼ਹਿਰ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਵੀ ਵੱਡਾ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ 119.16 ਕਰੋੜ ਰੁਪਏ ਦੀ ਲਾਗਤ ਨਾਲ ਵਿਕਸਤ ਕੀਤੇ ਇਨ੍ਹਾਂ ਪ੍ਰਾਜੈਕਟਾਂ ਦਾ ਉਦੇਸ਼ ਸ਼ਹਿਰ ਦੇ 1.5 ਲੱਖ ਤੋਂ ਵੱਧ ਬਸ਼ਿੰਦਿਆਂ ਨੰਾ ਸਾਫ ਪਾਣੀ ਦੀ ਨਿਰੰਤਰ ਸਪਲਾਈ ਮਿਲੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 3.50 ਐਮ.ਜੀ.ਡੀ. ਦੀ ਸਮਰੱਥਾ ਵਾਲਾ ਆਟੋਮੈਟਿਕ ਜਲ ਸਪਲਾਈ ਪ੍ਰਾਜੈਕਟ ਲੋਕਾਂ ਨੂੰ ਨਹਿਰੀ ਪਾਣੀ



ਦੀ ਸਪਲਾਈ ਕਰੇਗਾ। ਮੁੱਖ ਮੰਤਰੀ ਨੇ ਅਬੋਹਰ ਵਾਸੀਆਂ ਨੂੰ ਮਿਆਰੀ ਸੇਵਾਵਾਂ ਪ੍ਰਦਾਨ ਕਰਨ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਇਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਹਰੇਕ ਸ਼ਹਿਰ ਦੇ ਨਾਗਰਿਕਾਂ ਨੂੰ ਮੁਢਲੀਆਂ ਸੇਵਾਵਾਂ ਮੁਹੱਈਆ ਕਰਵਾਉਣ ਲਈ ਦ੍ਰਿੜ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ 27.06 ਕਰੋੜ ਰੁਪਏ ਦੀ ਲਾਗਤ ਵਾਲੇ ਜਲ ਸਪਲਾਈ ਪ੍ਰਾਜੈਕਟ ਅਬੋਹਰ ਸ਼ਹਿਰ ਦੀ 100 ਫੀਸਦੀ ਵਸੋਂ ਦੀ ਪਾਣੀ ਦੀ ਜ਼ਰੂਰਤ ਪੂਰੀ ਕਰੇਗਾ। ਉਨ੍ਹਾਂ ਕਿਹਾ ਕਿ 92.10 ਕਰੋੜ ਰੁਪਏ ਦੀ ਲਾਗਤ ਵਾਲਾ ਸੀਵਰੇਜ ਪ੍ਰਜੈਕਟ 100 ਫੀਸਦੀ ਆਬਾਦੀ ਨੂੰ ਸਹੂਲਤ ਪ੍ਰਦਾਨ ਕਰੇਗਾ। ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਪ੍ਰਾਜੈਕਟ ਸਮੁੱਚੇ ਸਰਹੱਦੀ ਇਲਾਕੇ ਖਾਸ ਕਰਕੇ ਅਬੋਹਰ ਵਿੱਚ ਤਰੱਕੀ ਤੇ ਖੁਸ਼ਹਾਲੀ ਲਿਆਉਣ ਵਿੱਚ ਸਹਾਈ ਹੋਵੇਗਾ।

# ਸੰਸਦ 'ਚ ਕਾਂਗਰਸ ਦਾ ਵਤੀਰਾ ਸੰਸਦ ਦੀ ਮਰਿਆਦਾ ਦੇ ਮੁਤਾਬਕ ਨਹੀਂ : ਕਿਰਨ ਰਿਜਿਜੂ

ਨਵੀਂ ਦਿੱਲੀ, 5 ਦਸੰਬਰ (ਪੋਸਟ ਬਿਊਰੋ): ਸੰਸਦ 'ਚ ਕਾਰਵਾਈ ਦੌਰਾਨ ਕੇਂਦਰੀ ਮੰਤਰੀ ਕਿਰਨ ਰਿਜਿਜੂ ਨੇ ਵਿਰੋਧੀ ਪਾਰਟੀਆਂ ਦੇ ਵਿਵਹਾਰ ਤੋਂ ਨਰਾਜ਼ਗੀ ਜ਼ਾਹਿਰ ਕੀਤੀ । ਉਨ੍ਹਾਂ ਕਿਹਾ ਕਿ ਸਰਦ ਰੁੱਤ ਸੈਸ਼ਨ ਸ਼ੁਰੂ ਹੋਣ ਤੋਂ ਬਾਅਦ ਅਸੀਂ ਚਰਚਾ ਚਾਹੁੰਦੇ ਹਾਂ। ਅਸੀਂ ਬਿਜ਼ਨਸ ਐਡਵਾਈਜ਼ਰੀ ਕਮੇਟੀ 'ਚ ਸਾਰੇ ਬਿੱਲਾਂ, ਪ੍ਰਸਤਾਵਾਂ ਅਤੇ ਹੋਰ ਵਿਸ਼ਿਆਂ 'ਤੇ ਚਰਚਾ ਕਰਨ ਲਈ ਸਮਾਂ ਨਿਸ਼ਚਿਤ ਕੀਤਾ ਸੀ।

ਪਰ ਉਹ ਪਾਰਲੀਮੈਂਟ ਦੇ ਅੰਦਰ ਬੋਲਣ ਦੀ ਬਜਾਏ ਬਾਹਰ ਰੰਗ-ਬਿਰੰਗੇ ਕੱਪੜੇ ਪਾ ਕੇ ਕੰਮ ਕਰ ਰਹੇ ਹਨ, ਜੋ ਕਿ ਸੰਸਦੀ ਪ੍ਰੰਪਰਾ ਅਤੇ ਸੰਸਦ ਦੀ ਮਰਿਆਦਾ ਦੇ ਮੁਤਾਬਕ ਨਹੀਂ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਅਤੇ ਵਿਰੋਧੀ ਪਾਰਟੀਆਂ ਡਰਾਮਾਂ ਕਰ ਰਹੀਆਂ ਹਨ .

ਦੂਜੇ ਪਾਸੇ ਕਾਂਗਰਸ ਦੇ ਸੰਸਦ ਮੈਂਬਰ ਕੇ.ਸੀ. ਵੇਣੂਗੋਪਾਲ ਨੇ ਦੋਸ਼ ਲਗਾਇਆ ਕਿ ਅਡਾਨੀ ਮਾਮਲੇ 'ਚ ਇਸ ਦੇਸ਼ 'ਚ ਸਭ ਤੋਂ ਵੱਡਾ ਭ੍ਰਿਸ਼ਟਾਚਾਰ ਹੋ ਰਿਹਾ ਹੈ ਅਤੇ ਸਰਕਾਰ ਇਸ 'ਤੇ ਚਰਚਾ ਕਰਨ ਲਈ ਤਿਆਰ ਹੈ ਪਰ ਉਹ ਅਡਾਨੀ ਦਾ ਨਾਂ ਸੁਣਨ ਨੂੰ ਤਿਆਰ ਨਹੀਂ ਹੈ। ਅਸੀਂ ਦੇਸ਼ ਨੂੰ ਦੱਸਣਾ ਚਾਹੁੰਦੇ ਹਾਂ ਕਿ ਇਹ ਸਭ ਤੋਂ ਵੱਡਾ ਭ੍ਰਿਸ਼ਟਾਚਾਰ ਹੋ ਰਿਹਾ ਹੈ, ਪਰ ਸਦਨ ਇਸ 'ਤੇ ਚਰਚਾ ਕਰਨ ਲਈ ਤਿਆਰ ਨਹੀਂ ਹੈ।

ਸਦਨ 'ਚ ਵਿਰੋਧੀ ਧਿਰ ਦੇ ਆਗੂ ਅਤੇ ਕਾਂਗਰਸ ਦੇ ਸੰਸਦ ਮੈਂਬਰ ਰਾਹੁਲ ਗਾਂਧੀ ਨੇ ਕਿਹਾ, 'ਪ੍ਰਧਾਨ ਮੰਤਰੀ ਮੋਦੀ ਅਡਾਨੀ ਤੋਂ ਜਾਂਚ ਨਹੀਂ ਕਰਵਾ ਸਕਦੇ ਕਿਉਂਕਿ ਜੇਕਰ ਉਹ ਜਾਂਚ ਕਰਵਾਉਂਦੇ ਹਨ ਤਾਂ ਉਹ ਖੁਦ ਦੀ ਜਾਂਚ ਕਰਵਾਉਣਗੇ। ਪ੍ਰਧਾਨ ਮੰਤਰੀ ਮੋਦੀ ਅਤੇ ਅਡਾਨੀ ਇੱਕ ਹਨ, ਦੋ ਨਹੀਂ।

# ਭਾਰਤ 'ਚ ਇੱਕ ਸਾਲ ਦੌਰਾਨ ਸੜਕ ਹਾਦਸਿਆਂ 'ਚ 1.68 ਲੱਖ ਮੌਤਾਂ, ਮ੍ਰਿਤਕਾਂ 'ਚ 60 ਫੀਸਦੀ ਨੌਜਵਾਨ

ਨਵੀਂ ਦਿੱਲੀ, 5 ਦਸੰਬਰ (ਪੋਸਟ ਬਿਊਰੋ): ਸੰਸਦ ਦੇ ਸਰਦ ਰੁੱਤ ਇਜਲਾਸ ਦੌਰਾਨ ਕੇਂਦਰੀ ਸੜਕ ਆਵਾਜਾਈ ਮੰਤਰੀ ਨਿਤਿਨ ਗਡਕਰੀ ਨੇ ਲੋਕ ਸਭਾ 'ਚ ਸੰਸਦ ਮੈਂਬਰਾਂ ਦੇ ਸਵਾਲਾਂ ਅਤੇ ਉਨ੍ਹਾਂ ਦੇ ਮੰਤਰਾਲੇ ਨਾਲ ਜੁੜੇ ਕੰਮਾਂ ਦੇ ਜਵਾਬ ਦਿੱਤੇ ਹਨ। ਇਸ ਦੌਰਾਨ ਨਿਤਿਨ ਗਡਕਰੀ ਨੇ ਸੜਕ ਹਾਦਸਿਆਂ 'ਚਹੋਈਆਂ ਮੌਤਾਂ 'ਤੇ ਚਿੰਤਾ ਜ਼ਾਹਿਰ ਕੀਤੀ ਹੈ . ਇਸਦੇ ਨਾਲ ਹੀ ਸੜਕੀ ਪ੍ਰਾਜੈਕਟਾਂ 'ਚ ਠੇਕੇਦਾਰਾਂ ਦੀ ਅਣਗਹਿਲੀ ਅਤੇ ਟੋਲ ਕੇਂਦਰਾਂ ਦੀ ਗਿਣਤੀ ਬਾਰੇ ਵੀ ਜਵਾਬ ਦਿੱਤਾ ਹੈ ।

ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਮੰਨਿਆ ਕਿ ਦਿੱਲੀ-ਮੁੰਬਈ ਐਕਸਪ੍ਰੈਸ ਵੇਅ ਦੇ ਨਿਰਮਾਣ 'ਚ ਕੁਝ ਖਾਮੀਆਂ ਸਨ, ਇਸ ਦੌਰਾਨ ਨਾਗੌਰ ਦੇ ਵਿਧਾਇਕ ਹਨੂੰਮਾਨ ਬੇਨੀਵਾਲ ਦੇ ਸਵਾਲ ਦੇ ਜਵਾਬ 'ਚ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਇਸ ਮਾਮਲੇ 'ਤੇ ਜਵਾਬ ਦਿੱਤਾ। ਉਨ੍ਹਾਂ ਦੱਸਿਆ ਕਿ ਸੋਹਣਾ, ਦੌਸਾ, ਲਾਲਸੋਟ ਸੈਕਸ਼ਨ ਦੇ ਐਕਸਪ੍ਰੈਸ ਵੇਅ ਠੇਕੇਦਾਰ ਨੂੰ ਬਲੈਕਲਿਸਟ ਕਰਨ ਦੀ ਕਾਰਵਾਈ ਕੀਤੀ ਜਾ ਰਹੀ ਹੈ।

ਨਿਤਿਨ ਗਡਕਰੀ ਨੇ ਲੋਕ ਸਭਾ 'ਚ ਸੜਕ ਹਾਦਸਿਆਂ ਦੇ ਅੰਕੜਿਆਂ 'ਤੇ ਵੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਸਾਰੀਆਂ ਕੋਸ਼ਿਸ਼ਾਂ ਦੇ ਬਾਵਜੂਦ ਇੱਕ ਸਾਲ ਦੇ ਅੰਦਰ ਦੇਸ਼ 'ਚ ਸੜਕ ਹਾਦਸਿਆਂ ਕਾਰਨ 1.68 ਲੱਖ ਜਣਿਆਂ ਦੀ ਜਾਨ ਜਾ ਚੁੱਕੀ ਹੈ। ਇਨ੍ਹਾਂ ਹਾਦਸਿਆਂ 'ਚ ਮਰਨ ਵਾਲਿਆਂ 'ਚ 60 ਫੀਸਦੀ ਨੌਜਵਾਨ ਸਨ। ਉਨ੍ਹਾਂ ਸਦਨ 'ਚ ਕਿਹਾ ਕਿ ਇਹ ਸਥਿਤੀ



ਦੁਖਦਾਈ ਹੈ ਅਤੇ ਇਸ ਨੂੰ ਰੋਕਣ ਲਈ ਸਮਾਜ ਨੂੰ ਸਹਿਯੋਗ ਕਰਨਾ ਹੋਵੇਗਾ।

ਕੇਂਦਰੀ ਮੰਤਰੀ ਗਡਕਰੀ ਨੇ ਕਿਹਾ ਕਿ "ਇਹ ਕਹਿਣਾ ਦੁਖਦਾਈ ਹੈ ਕਿ ਕੋਸ਼ਿਸ਼ਾਂ ਦੇ ਬਾਵਜੂਦ ਇਕ ਸਾਲ 'ਚ 1.68 ਲੱਖ ਮੌਤਾਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਇਹ ਲੋਕ ਦੰਗਿਆਂ 'ਚ ਨਹੀਂ ਸਗੋਂ ਸੜਕ ਹਾਦਸਿਆਂ 'ਚ ਮਾਰੇ ਗਏ ਸਨ . ਇਨ੍ਹਾਂ 60 ਫੀਸਦੀ ਮਰਨ ਵਾਲਿਆਂ 'ਚ ਨੌਜਵਾਨ ਲੜਕੇ ਅਤੇ ਲੜਕੀਆਂ ਸਨ।

ਕੇਂਦਰੀ ਮੰਤਰੀ ਨੇ ਕਿਹਾ ਕਿ "ਜਦੋਂ ਮੈਂ ਮਹਾਰਾਸ਼ਟਰ (ਵਿਧਾਨ ਪ੍ਰੀਸ਼ਦ) ਵਿੱਚ ਵਿਰੋਧੀ ਧਿਰ ਦਾ ਆਗੂ ਸੀ, ਤਾਂ ਮੈਂ ਇੱਕ ਸੜਕ ਹਾਦਸੇ 'ਚ ਜ਼ਖਮੀ ਹੋ ਗਿਆ ਸੀ ਅਤੇ ਮੇਰੀਆਂ ਹੱਡੀਆਂ ਚਾਰ ਥਾਵਾਂ ਤੋਂ ਟੁੱਟ ਗਈਆਂ ਸਨ। ਮੈਂ ਇਸ ਸਥਿਤੀ ਨੂੰ ਸਮਝਦਾ ਹਾਂ।" ਮੰਤਰੀ ਨੇ ਸੰਸਦ ਮੈਂਬਰਾਂ ਨੂੰ ਸੜਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੂਰਾ ਸਹਿਯੋਗ ਕਰਨ ਦੀ ਅਪੀਲ ਕੀਤੀ ਹੈ।


# ੴ ਸ਼ਹੀਦੀ ਸਮਾਗਮ ੴ

## ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਸੰਗਤਾ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ, ਮਾਲਟਨ ਗੁਰੂਘਰ।

ਦਸਵੀਂ ਪਾਤਿਸ਼ਾਹੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸ੍ਰੀ ਮਾਛੀਵਾੜੇ ਸਾਹਿਬ ਦੀ ਧਰਤੀ 'ਤੇ ਪਹੁੰਚਣ ਤੇ ਉਹਨਾਂ ਦੀ ਆਮਦ ਨੂੰ ਮੁੱਖ ਰੱਖਦਿਆਂ ਅਤੇ ਚਾਰੇ ਸਾਹਿਬਜ਼ਾਦੇ ਤੇ ਮਾਤਾ ਗੁਜਰ ਕੌਰ ਤੇ ਸਭਾ ਵਿੱਚ ਸ਼ਹੀਦ ਹੋਏ ਸਾਰੇ ਸਿੰਘਾਂ ਸਿੰਘਣੀਆਂ ਨੂੰ ਸਮਰਪਿਤ ਪਿਛਲੇ ਸਾਲਾਂ ਦੀ ਤਰ੍ਹਾਂ ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਕੀਤੀ ਜਾ ਰਹੀ ਹੈ। ਇਸ ਸਬੰਧ ਵਿਚ ਮਾਲਟਨ ਗੁਰੂ ਘਰ ਵਿਖੇ ਮਿਤੀ 23 ਦਸੰਬਰ ਨੂੰ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਜਿਹਨਾਂ ਦੇ ਭੋਗ 25 ਦਸੰਬਰ ਨੂੰ ਮੇਨ ਹਾਲ ਵਿੱਚ ਪਾਏ ਜਾਣਗੇ। ਕਿਰਪਾ ਕਰਕੇ ਸਭ ਸੰਗਤ ਤਿੰਨ ਦਿਨ ਗੁਰੂ ਘਰ ਵਿਖੇ ਹੁੰਮ ਹੁਮਾ ਕੇ ਪਹੁੰਚਣ ਦੀ ਕਿਰਪਾਲਤਾ ਕਰੋ ਜੀ ।

ਹੋਰ ਜਾਣਕਾਰੀ ਲਈ ਸੰਪਰਕ ਕਰੋ ਜੀ - ਗੁਰਪ੍ਰੀਤ ਸਿੰਘ ਉਪਲ 647-207-1887, ਸਤਪਾਲ ਸਿੰਘ ਗਰੇਵਾਲ 519-405-0075, ਜਸਵੰਤ ਸਿੰਘ 647-207-1887, ਉਜਾਗਰ ਸਿੰਘ ਗਿੱਲ 647-203-4090, ਕਾਕਾ ਸਿੰਘ ਤੱਖਰਾ 647-400-9991

The Mortgage Centre
We work for *you*, not the lenders.




Debt Consolidation | Renovations & Repairs | Avoiding High penalities

No Credit or beacon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com

CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com

URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

NEW Listing in *BRAMPTON*
Hwy 10/Sandalwood/Braidwood



50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੁਇਟ ਅਤੇ Walk-in ਕਲੌਜਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੋਪ, 64"Built-in Fridge, Extra furnance, Heated Garage, Sec camera, storage in backyard.

Listed in *BRAMPTON*
Bovaird/Mclaughlin/Fletchers Creek Blvd



2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੇਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੁਇਟ, Walk-in ਕਲੌਜਿਟ, Laundary on 2nd ਫਲੋਰ ਅਤੇ ਬੇਸਮੇਂਟ। Newly ਅਪਗਰੇਡਿਡ।

Listed in *MISSISSAUGA*
Burnhamthorpe/Confederation



900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀੱਚਨ ਕੇਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.

NEW Listing in *BRAMPTON*
Chinguacousy/Williams Pkwy/Bovaird



ਡਿਟੈਚਡ ਹਾਊਸ Approx. 2000sq.ft. 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੇਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੁਇਟ ਅਤੇ Walk-in ਕਲੌਜਿਟ, Electric Fireplace, Extended concreted ਡਰਾਈਵੇਅ, storage in backyard, pond & more.

Listed in *BRAMPTON*
Bramalea/Queen St/Hwy 7



1301 sq.ft. Corner End-Unit Apartment 3 ਬੈਡਰੂਮ + 2 ਵਾਸ਼ਰੂਮ 1 ਕਾਰ ਪਾਰਕਿੰਗ + ਸਟੋਰੇਜ ਨਾਲ, ਲੈਮੀਨੇਟ ਅਤੇ ਸਿਰਾਮਿਕ ਫਲੋਰ, No ਕਾਰਪੇਟ। Huge ਕੀੱਚਨ, ਮਾਸਟਰ ਬੈਡਰੂਮ with 2-ਪੀਸ ਇਨਸੁਇਟ ਅਤੇ ਖੁੱਲੀ ਕਲੋਜਿਟ, Walking distance to Bramalea City Centre & more.

SOLD in *BRAMPTON*
Clarkway/Cottrelle/Hwy 50



2100 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 4 ਵਾਸ਼ਰੂਮ 2 ਬੈਡਰੂਮ, ਫਿਨੀਸ਼ਡ ਬੇਸਮੇਂਟ, 9 ਫੁੱਟ ਸੀਲਿੰਗ, Quartz ਕਾਊਂਟਰਟੋਪ, 5-ਪੀਸ ਇਨਸੁਇਟ ਅਤੇ His & Her ਕਲੋਜਿਟ, Laundary on ਮੇਨ ਫਲੋਰ ਅਤੇ ਬੇਸਮੇਂਟ ਵਿੱਚ। ਸਹੂਲਤਾਂ ਦੇ ਬਹੁਤ ਨੇੜੇ: ਗਰੋਸਰੀ ਸਟੋਰ, Shoppers, Pizza Pizza & more.

FREE
- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)* *Some Conditions Apply

Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com